ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਸ਼ਨੀਵਾਰ, 31 ਅਗਸਤ 2024 (ਨਾਨਕਸ਼ਾਹੀ ਸੰਮਤ : ੫੫੬, ੧੬ ਭਾਦਰੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਪੰਜ ਸਿੰਘ ਸਾਹਿਬਾਨ ਵਲੋਂ

# ਸੁਖਬੀਰ ਸਿੰਘ ਬਾਦਲ ਤਨਖਾਹੀਆ ਕਰਾਰ




**ਅੰਮ੍ਰਿਤਸਰ, 30 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਵਿਖੇ ਹੋਈ ਪੰਜ ਸਿੰਘ ਸਾਹਿਬਾਨਾਂ ਦੀ ਇਕੱਤਰਤਾ ਵਿਚ ਪੰਜ ਸਾਹਿਬਾਨ ਨੇ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਤਨਖਾਹੀਆ ਕਰਾਰ ਦੇ ਦਿੱਤਾ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਦੀ ਫਸੀਲ 'ਤੇ ਪੰਜ ਸਿੰਘ ਸਾਹਿਬਾਨਾਂ ਵਲੋਂ ਲਿਆ ਗਿਆ ਫ਼ੈਸਲਾ ਸੁਣਾਉਂਦਿਆਂ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਨੇ ਡਿਪਟੀ ਮੁੱਖ ਮੰਤਰੀ ਹੁੰਦਿਆਂ ਕੁਝ ਅਜਿਹੇ ਫੈਸਲੇ ਲਏ ਜਿਨ੍ਹਾਂ ਨਾਲ ਸਿੱਖ ਪੰਥ ਅਤੇ ਸਿੱਖ ਸੰਗਤ ਨੂੰ ਭਾਰੀ ਢਾਹ ਲੱਗੀ। ਇਸ ਨਾਲ ਸ਼੍ਰੋਮਣੀ ਅਕਾਲੀ ਦਲ ਦੀ ਹਾਲਤ ਵੀ ਪਤਲੀ ਹੋਈ। ਇਸ ਦੇ ਨਾਲ ਜਥੇਦਾਰ ਰਘਬੀਰ ਸਿੰਘ ਨੇ ਕਿਹਾ ਕਿ 2007 ਤੋਂ 2017 ਤਕ ਅਕਾਲੀ ਸਰਕਾਰ ਵਿਚ ਮੌਜੂਦ ਰਹੇ ਭਾਈਵਾਲ ਅਤੇ ਸਿੱਖ ਕੈਬਨਿਟ ਮੰਤਰੀ ਇਸ ਸੰਬੰਧੀ ਆਪਣਾ ਸਪੱਸ਼ਟੀਕਰਨ 15 ਦਿਨਾਂ ਦੇ ਅੰਦਰ-ਅੰਦਰ ਨਿੱਜੀ ਰੂਪ ਵਿਚ ਪੇਸ਼ ਹੋ ਕੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਦੇਣ। ਉਨ੍ਹਾਂ ਕਿਹਾ ਕਿ ਜਦੋਂ ਤਕ ਸੁਖਬੀਰ ਸਿੰਘ ਬਾਦਲ ਨਿਮਾਣੇ ਸਿੱਖ ਵਾਂਗ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ, ਗੁਰੂ ਸਾਹਿਬ ਦੀ ਹਜ਼ੂਰੀ ਵਿਚ ਸਿੱਖ ਸੰਗਤ ਅਤੇ ਪੰਜ ਸਿੰਘ ਸਾਹਿਬਾਨ ਦੇ ਸਾਹਮਣੇ ਪੇਸ਼ ਹੋ ਕੇ ਆਪਣੇ ਗੁਨਾਹਾਂ ਦੀ ਮੁਆਫੀ ਨਹੀਂ ਮੰਗਦਾ ਉਦੋਂ ਤਕ ਉਸ ਨੂੰ ਤਨਖਾਹੀਆ ਐਲਾਨਿਆ ਜਾਂਦਾ ਹੈ।

## ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਜਾਰੀ ਹੁਕਮ ਸਿਰ ਨਿਵਾਂ ਕੇ ਪ੍ਰਵਾਨ : ਸੁਖਬੀਰ ਸਿੰਘ ਬਾਦਲ



ਸ੍ਰੀ ਅਕਾਲ ਤਖ਼ਤ ਸਾਹਿਬ ਵਲੋਂ ਤਨਖਾਹੀਆ ਕਰਾਰ ਦਿੱਤੇ ਜਾਣ ਤੋਂ ਬਾਅਦ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦਾ ਪਹਿਲਾ ਬਿਆਨ ਸਾਹਮਣੇ ਆਇਆ ਹੈ। ਸੁਖਬੀਰ ਬਾਦਲ ਨੇ ਆਖਿਆ ਹੈ ਕਿ ਮੀਰੀ ਪੀਰੀ ਦੇ ਸਰਵਉੱਚ ਅਸਥਾਨ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਜਾਰੀ ਹੁਕਮ ਨੂੰ ਦਾਸ ਸਿਰ ਨਿਵਾਂ ਕੇ ਪ੍ਰਵਾਨ ਕਰਦਾ ਹੈ। ਹੁਕਮ ਅਨੁਸਾਰ ਜਲਦੀ ਹੀ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁੱਖ ਪੇਸ਼ ਹੋ ਕੇ ਖ਼ਿਮਾ ਜਾਚਨਾ ਕਰਾਂਗਾ। ਸੁਖਬੀਰ ਸਿੰਘ ਬਾਦਲ ਨੂੰ ਤਨਖ਼ਾਹੀਆ ਕਰਾਰ ਦੇਣ 'ਤੇ ਸ਼੍ਰੋਮਣੀ ਅਕਾਲੀ ਦਲ ਦੇ ਬੁਲਾਰੇ ਅਤੇ ਸਾਬਕਾ ਮੰਤਰੀ ਡਾ. ਦਲਜੀਤ ਸਿੰਘ ਚੀਮਾ ਦਾ ਵੱਡਾ ਬਿਆਨ ਸਾਹਮਣੇ ਆਇਆ ਹੈ। ਉਨ੍ਹਾਂ ਕਿਹਾ ਕਿ ਅੱਜ ਜੋ ਵੀ ਹੁਕਮ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਕੀਤਾ ਗਿਆ ਹੈ, ਸ਼੍ਰੋਮਣੀ ਅਕਾਲੀ ਦਲ ਉਸ ਹੁਕਮ ਨੂੰ ਸਿਰ ਨਿਵਾਂ ਕੇ ਪ੍ਰਵਾਨ ਕਰਦਾ ਹੈ। ਉਨ੍ਹਾਂ ਕਿਹਾ ਕਿ ਜਿਸ ਦਿਨ ਸੁਖਬੀਰ ਸਿੰਘ ਬਾਦਲ ਬਤੌਰ ਪ੍ਰਧਾਨ ਵਜੋਂ ਸਪਸ਼ਟੀਕਰਨ ਦੇ ਕੇ ਆਏ ਸਨ ਤਾਂ ਉਨ੍ਹਾਂ ਨੇ ਉਸ ਦਿਨ ਵੀ ਬਿਲਕੁਲ ਸਪੱਸ਼ਟ ਕੀਤਾ ਸੀ ਕਿ ਜੋ ਹੁਕਮ ਸ਼੍ਰੋਮਣੀ ਅਕਾਲੀ ਦਲ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਆਵੇਗਾ, ਉਸ ਹੁਕਮ ਨੂੰ ਅਸੀਂ ਪ੍ਰਵਾਨ ਕਰਾਂਗੇ। ਉਨ੍ਹਾਂ ਕਿਹਾ ਕਿ ਇਸ ਕਰਕੇ ਅੱਜ ਜਿਹੜਾ ਹੁਕਮ ਸੁਖਬੀਰ ਸਿੰਘ ਬਾਦਲ ਅਤੇ ਉਸ ਸਮੇਂ ਦੇ ਕੈਬਨਿਟ ਮੰਤਰੀਆਂ ਵਾਸਤੇ ਆਇਆ ਹੈ, ਅਸੀਂ ਉਸ ਨੂੰ ਸਿਰ ਨਿਵਾਂ ਕੇ ਪ੍ਰਵਾਨ ਕਰਦੇ ਹਾਂ। ਜਿਸ ਤਰੀਕੇ ਸਾਨੂੰ ਹੁਕਮ ਹੋਏ ਹਨ, ਅਸੀਂ ਸ੍ਰੀ ਅਕਾਲ ਤਖ਼ਤ ਸਾਹਿਬ ਨਤਮਸਤਕ ਹੋ ਕੇ ਆਪਣਾ ਸਪੱਸ਼ਟੀਕਰਨ ਦੇਵਾਂਗਾ ਅਤੇ ਜੋ ਸੁਖਬੀਰ ਸਿੰਘ ਬਾਦਲ ਸਾਬ੍ਹ ਨੂੰ ਹੁਕਮ ਹੋਏ ਹਨ, ਉਹ ਵੀ ਉਸ ਹੁਕਮ ਨੂੰ ਪੂਰਾ ਕਰਨਗੇ। ਗੁਰੂ ਬਹੁਤ ਵੱਡਾ ਹੈ ਅਤੇ ਭਾਵੇਂ ਕੋਈ ਗੁਨਾਹ ਹੋਵੇ ਜਾਂ ਪਾਪ ਜੇਕਰ ਗੁਰੂ ਬਖ਼ਸ਼ਣ 'ਤੇ ਆ ਜਾਵੇ ਤਾਂ ਉਹ ਬਖ਼ਸ਼ ਦਿੰਦਾ ਹੈ। ਗੁਰੂ 'ਤੇ ਸਾਨੂੰ ਭਰੋਸਾ ਹੈ ਅਤੇ ਵੱਡੇ ਤੋਂ ਵੱਡੇ ਪਾਪ ਵੀ ਉਥੇ ਬਖ਼ਸ਼ੇ ਜਾਂਦੇ ਹਨ। ਸਾਡੀ ਕੋਸ਼ਿਸ਼ ਹੋਵੇਗੀ ਕਿ ਜਲਦੀ ਤੋਂ ਜਲਦੀ ਪੇਸ਼ ਹੋ ਕੇ ਆਪਣਾ ਸਪੱਸ਼ਟੀਕਰਨ ਦੇ ਸਕੀਏ।

## ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮ 'ਤੇ ਕੋਈ ਕਿੰਤੂ ਪ੍ਰੰਤੂ ਨਹੀਂ : ਭੂੰਦੜ

ਬਲਵਿੰਦਰ ਸਿੰਘ ਭੂੰਦੜ ਨੇ ਕਿਹਾ ਕਿ ਜਦੋਂ ਸੁਖਬੀਰ ਬਾਦਲ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੇਸ਼ ਹੋਏ ਸਨ ਤਾਂ ਉਨ੍ਹਾਂ ਨੇ ਉਦੋਂ ਹੀ ਕਹਿ ਦਿੱਤਾ ਸੀ ਕਿ ਸ੍ਰੀ ਅਕਾਲ ਤਖ਼ਤ ਦਾ ਹੁਕਮ ਸਿਰਮੱਥੇ ਹੋਵੇਗਾ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮ 'ਤੇ ਕੋਈ ਕਿੰਤੂ ਪ੍ਰੰਤੂ ਨਹੀਂ ਹੈ। ਸੁਖਬੀਰ ਬਾਦਲ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਜ਼ਰੂਰ ਪੇਸ਼ ਹੋਣਗੇ। ਹਾਲਾਂਕਿ ਭੂੰਦੜ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਕੈਬਨਿਟ ਮੰਤਰੀਆਂ ਕੋਲੋਂ ਮੰਗੇ ਸਪਸ਼ਟੀਕਰਨ ਬਾਰੇ ਕੋਈ ਵੀ ਟਿੱਪਣੀ ਕਰਨ ਤੋਂ ਇਨਕਾਰ ਕਰ ਦਿੱਤਾ। ਜ਼ਿਕਰਯੋਗ ਹੈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਵਿਖੇ ਹੋਈ ਪੰਜ ਸਿੰਘ ਸਾਹਿਬਾਨਾਂ ਦੀ ਇਕੱਤਰਤਾ ਵਿਚ ਪੰਜ ਸਾਹਿਬਾਨ ਨੇ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਤਨਖਾਹੀਆ ਕਰਾਰ ਦੇ ਦਿੱਤਾ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਦੀ



ਫਸੀਲ 'ਤੇ ਪੰਜ ਸਿੰਘ ਸਾਹਿਬਾਨਾਂ ਵਲੋਂ ਲਿਆ ਗਿਆ ਫ਼ੈਸਲਾ ਸੁਣਾਉਂਦਿਆਂ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਨੇ ਉਪ ਮੁੱਖ ਮੰਤਰੀ ਹੁੰਦਿਆਂ ਕੁਝ ਅਜਿਹੇ ਫੈਸਲੇ ਲਏ ਜਿਨ੍ਹਾਂ ਨਾਲ ਸਿੱਖ ਪੰਥ ਅਤੇ ਸਿੱਖ ਸੰਗਤ ਨੂੰ ਭਾਰੀ ਢਾਹ ਲੱਗੀ। ਇਸ ਨਾਲ ਸ਼੍ਰੋਮਣੀ ਅਕਾਲੀ ਦਲ ਦੀ ਹਾਲਤ ਵੀ ਪਤਲੀ ਹੋਈ।

## ਦਿੱਲੀ ਸਿੱਖ ਕਤਲੇਆਮ ਮਾਮਲੇ ਵਿਚ ਜਗਦੀਸ਼ ਟਾਈਟਲਰ ਵਿਰੁੱਧ ਸੰਗੀਨ ਧਾਰਾਵਾਂ ਹੇਠ ਦੋਸ਼ ਆਇਦ

### ਟਾਈਟਲਰ ਵਿਰੁੱਧ ਮਾਮਲੇ ਵਿੱਚ ਤਿੰਨ ਲੋਕਾਂ ਦੇ ਕਤਲ ਖ਼ਿਲਾਫ਼ ਕਾਰਵਾਈ ਦਾ ਮਜ਼ਬੂਤ ਆਧਾਰ



**ਨਵੀਂ ਦਿੱਲੀ 30 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:- ਦਿੱਲੀ ਦੀ ਇੱਕ ਅਦਾਲਤ ਨੇ 1984 ਦੇ ਸਿੱਖ ਕਤਲੇਆਮ ਦੇ ਮਾਮਲੇ ਵਿੱਚ ਕਾਂਗਰਸੀ ਆਗੂ ਜਗਦੀਸ਼ ਟਾਈਟਲਰ ਖ਼ਿਲਾਫ਼ ਦੋਸ਼ ਆਇਦ ਕਰ ਦਿੱਤੇ ਹਨ। ਅਦਾਲਤ ਨੇ ਕਿਹਾ ਕਿ ਇਸ ਮਾਮਲੇ ਵਿੱਚ ਤਿੰਨ ਲੋਕਾਂ ਦੇ ਕਤਲ ਦੇ ਮੁਲਜ਼ਮਾਂ ਖ਼ਿਲਾਫ਼ ਅਗਲੀ ਕਾਰਵਾਈ ਦਾ ਮਜ਼ਬੂਤ ਆਧਾਰ ਹੈ। ਟਾਈਟਲਰ ਮਾਮਲੇ ਵਿਚ ਦਾਖਿਲ ਕੀਤੀ ਗਈ ਚਾਰਜਸ਼ੀਟ ਵਿਚ ਕਿਹਾ ਗਿਆ ਹੈ ਕਿ ਸੀਬੀਆਈ ਨੇ 6 ਗਵਾਹਾਂ ਦੇ ਬਿਆਨਾਂ ਦੇ ਆਧਾਰ 'ਤੇ ਟਾਈਟਲਰ ਦੀ ਘਟਨਾ ਵਾਲੀ ਥਾਂ 'ਤੇ ਮੌਜੂਦਗੀ ਦੀ ਪੁਸ਼ਟੀ ਕੀਤੀ ਹੈ। ਇਨ੍ਹਾਂ ਵਿੱਚੋਂ ਚਾਰ ਗਵਾਹਾਂ ਨੇ ਉਸ ਨੂੰ ਭੀੜ ਨੂੰ ਭੜਕਾਉਂਦੇ ਦੇਖਿਆ। ਚਾਰਜਸ਼ੀਟ ਵਿੱਚ ਇਹ ਵੀ ਦੋਸ਼ ਲਾਇਆ ਗਿਆ ਹੈ ਕਿ ਟਾਈਟਲਰ ਨੇ ਆਪਣੇ ਹਲਕੇ ਵਿੱਚ ਘੱਟ ਸਿੱਖਾਂ ਦੀ ਹੱਤਿਆ 'ਤੇ ਨਿਰਾਸ਼ਾ ਪ੍ਰਗਟਾਈ ਅਤੇ ਜਾਂਚ ਨੂੰ ਪ੍ਰਭਾਵਿਤ ਕਰਨ ਅਤੇ ਗਵਾਹਾਂ ਨੂੰ ਡਰਾਉਣ ਦੀ ਕੋਸ਼ਿਸ਼ ਕੀਤੀ ਹੈ ਅਦਾਲਤ ਇਸ ਮਾਮਲੇ ਦੀ ਅਗਲੀ ਸੁਣਵਾਈ 13 ਸਤੰਬਰ ਨੂੰ ਕਰੇਗੀ। ਇਸ ਦੌਰਾਨ ਟਾਈਟਲਰ ਨੂੰ ਅਦਾਲਤ ਵਿੱਚ ਹਾਜ਼ਰ ਰਹਿਣ ਦੇ ਹੁਕਮ ਦਿੱਤੇ ਗਏ ਹਨ। ਸ਼ੁੱਕਰਵਾਰ ਨੂੰ ਅਦਾਲਤ ਨੇ ਟਾਈਟਲਰ ਖ਼ਿਲਾਫ਼ ਭਾਰਤੀ ਦੰਡਾਵਲੀ ਦੀਆਂ ਧਾਰਾਵਾਂ 147, 149, 153ਏ, 188, 109, 295, 380, 302 ਤਹਿਤ ਦੋਸ਼ ਆਇਦ ਕੀਤੇ ਹਨ। ਇਹ ਕੇਸ ਸਿੱਖ ਭਾਈਚਾਰੇ ਦੇ ਤਿੰਨ ਵਿਅਕਤੀਆਂ, ਬਾਦਲ ਸਿੰਘ, ਸਰਦਾਰ ਠਾਕੁਰ ਸਿੰਘ ਅਤੇ ਗੁਰਚਰਨ ਸਿੰਘ ਦੇ ਕਤਲ ਅਤੇ ਸਾਬਕਾ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੀ ਹੱਤਿਆ ਤੋਂ ਅਗਲੇ ਦਿਨ 1 ਨਵੰਬਰ 1984 ਨੂੰ ਪੁਲ ਬੰਗਸ਼ ਗੁਰਦੁਆਰੇ ਨੂੰ ਸਾੜਨ ਨਾਲ ਸਬੰਧਤ ਹੈ। ਇਸ ਤੋਂ ਪਹਿਲਾਂ 19 ਜੁਲਾਈ ਨੂੰ ਜਗਦੀਸ਼ ਟਾਈਟਲਰ ਖਿਲਾਫ ਦੋਸ਼ ਆਇਦ ਕਰਨ ਦੇ ਮਾਮਲੇ 'ਤੇ ਫੈਸਲਾ ਰਾਖਵਾਂ ਰੱਖਿਆ ਗਿਆ ਸੀ। ਅਦਾਲਤ ਅੰਦਰ ਸੁਣਵਾਈ ਦੌਰਾਨ ਜਗਦੀਸ਼ ਟਾਈਟਲਰ ਵੱਲੋਂ ਪੇਸ਼ ਹੋਏ ਵਕੀਲ ਮਨੂੰ ਸ਼ਰਮਾ ਨੇ ਕਿਹਾ ਸੀ ਕਿ ਸੀਬੀਆਈ ਨੇ ਇਸ ਮਾਮਲੇ ਵਿੱਚ ਦੋ ਕਲੋਜ਼ਰ ਰਿਪੋਰਟਾਂ ਦਾਇਰ ਕੀਤੀਆਂ ਹਨ। 2009 ਵਿੱਚ ਸਹਿ-ਮੁਲਜ਼ਮ ਸੁਰੇਸ਼ ਕੁਮਾਰ ਪੰਨੇਵਾਲਾ ਖ਼ਿਲਾਫ਼ ਚਾਰਜਸ਼ੀਟ ਦਾਇਰ ਕੀਤੀ ਗਈ ਸੀ, ਜਿਸ ਨੂੰ ਹੇਠਲੀ ਅਦਾਲਤ ਨੇ ਬਰੀ ਕਰ ਦਿੱਤਾ ਸੀ। ਮਨੂੰ ਸ਼ਰਮਾ ਨੇ ਕਿਹਾ ਕਿ ਇਸ ਕੇਸ ਵਿੱਚ 1984 ਤੋਂ 2022-23 ਤੱਕ ਕੋਈ ਗਵਾਹ ਨਹੀਂ ਸੀ। ਇੰਨੇ ਲੰਬੇ ਸਮੇਂ ਬਾਅਦ ਪੇਸ਼ ਹੋਏ ਗਵਾਹਾਂ 'ਤੇ ਭਰੋਸਾ ਕਿਵੇਂ ਕੀਤਾ ਜਾ ਸਕਦਾ ਹੈ ? ਮਨੂੰ ਸ਼ਰਮਾ ਨੇ ਇਸ ਮਾਮਲੇ ਵਿੱਚ ਜਗਦੀਸ਼ ਟਾਈਟਲਰ ਨੂੰ ਬਰੀ ਕਰਨ ਦੀ ਮੰਗ ਵੀ ਕੀਤੀ ਸੀ। ਇਸ ਦੇ ਨਾਲ ਹੀ ਜਗਦੀਸ਼ ਟਾਈਟਲਰ ਦੀ ਤਰਫੋਂ ਗੁਰਪਤਵੰਤ ਪੰਨੂ ਦਾ ਨਾਂ ਲੈਂਦਿਆਂ ਕਿਹਾ ਗਿਆ ਕਿ ਕਿਉਂਕਿ ਪੰਨੂ ਗਵਾਹਾਂ ਦਾ ਵਕੀਲ ਸੀ ਅਤੇ ਉਸ ਨੂੰ ਭਾਰਤ ਵੱਲੋਂ ਅਤਿ ਲੋੜੀਂਦਾ ਐਲਾਨਿਆ ਗਿਆ ਸੀ, ਇਸ ਲਈ ਜਗਦੀਸ਼ ਟਾਈਟਲਰ ਵਿਰੁੱਧ ਕੇਸ ਚਲਾਉਣ ਦੀ ਕੋਈ ਤੁਕ ਨਹੀਂ ਬਣਦੀ ਜਿਸ ਕਰਕੇ ਉਸ ਨੂੰ ਬਰੀ ਕਰ ਦੇਣਾ ਚਾਹੀਦਾ ਹੈ। ਇਸ ਮਾਮਲੇ 'ਚ ਸੀਬੀਆਈ ਨੇ 16 ਅਪ੍ਰੈਲ ਨੂੰ ਦੋਸ਼ ਤੈਅ ਕਰਨ 'ਤੇ ਬਹਿਸ ਪੂਰੀ ਕਰ ਲਈ ਸੀ। 4 ਅਗਸਤ 2023 ਨੂੰ ਰੌਜ਼ ਐਵੇਨਿਊ ਦੀ ਸੈਸ਼ਨ ਅਦਾਲਤ ਨੇ ਜਗਦੀਸ਼ ਟਾਈਟਲਰ ਨੂੰ ਅਗਾਊਂ ਜ਼ਮਾਨਤ ਦੇ ਦਿੱਤੀ ਸੀ। ਅਦਾਲਤ ਨੇ 26 ਜੁਲਾਈ 2023 ਨੂੰ ਜਗਦੀਸ਼ ਟਾਈਟਲਰ ਵਿਰੁੱਧ ਦਾਇਰ ਚਾਰਜਸ਼ੀਟ ਦਾ ਨੋਟਿਸ ਲਿਆ ਸੀ। ਸੀਬੀਆਈ ਨੇ ਇਸ ਮਾਮਲੇ ਵਿੱਚ ਟਾਈਟਲਰ ਖ਼ਿਲਾਫ਼ ਭਾਰਤੀ ਦੰਡਾਵਲੀ ਦੀ ਧਾਰਾ 147, 109 ਅਤੇ 302 ਤਹਿਤ ਕੇਸ ਦਰਜ ਕੀਤਾ ਹੈ। ਸੀਬੀਆਈ ਮੁਤਾਬਕ ਜਗਦੀਸ਼ ਟਾਈਟਲਰ ਨੇ ਭੀੜ ਨੂੰ ਭੜਕਾਇਆ ਸੀ, ਜਿਸ ਤੋਂ ਬਾਅਦ ਭੀੜ ਨੇ ਪੁਲਬੰਗਸ਼ ਗੁਰਦੁਆਰੇ ਨੂੰ ਅੱਗ ਲਗਾ ਦਿੱਤੀ ਸੀ। ਅਦਾਲਤ ਦੇ ਫੈਸਲੇ ਨਾਲ ਕਤਲੇਆਮ ਦੇ ਪੀੜੀਤਾਂ ਨੇ ਕਿਹਾ ਕਿ ਭਾਵੇਂ ਦੇਰ ਨਾਲ ਸਹੀ ਪਰ ਅਦਾਲਤ ਵਲੋਂ ਇਨਸਾਫ਼ ਕੀਤਾ ਗਿਆ ਹੈ ਤੇ ਹੁਣ ਸਾਨੂੰ ਆਸ ਹੈ ਕਿ ਇਹ ਵੀ ਸੱਜਣ ਕੁਮਾਰ ਵਾਂਗ ਜਲਦ ਸਲਾਖਾਂ ਪਿੱਛੇ ਹੋਵੇਗਾ।

### ☛ ਪ੍ਰਕਾਸ਼ ਸਿੰਘ ਬਾਦਲ ਨੂੰ ਮਿਲਿਆਂ ਫਖਰ-ਏ-ਕੌਮ ਅਵਾਰਡ ਵਾਪਿਸ ਲਿਆ ਜਾਵੇ

## ਸੁਖਬੀਰ ਸਿੰਘ ਬਾਦਲ ਸਾਰੇ ਅਹੁਦਿਆਂ ਤੋਂ ਤੁਰੰਤ ਅਸਤੀਫਾ ਦੇਵੇ : ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ

**ਜਲੰਧਰ, 30 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਭਾਈ ਜਸਵੀਰ ਸਿੰਘ ਖਾਲਸਾ ਨੇ ਅੱਜ ਇੱਥੇ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਪੰਜ ਸਿੰਘ ਸਾਹਿਬਾਨ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਅਤੇ ਪੰਜਾਬ ਦੇ ਡਿਪਟੀ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਨੂੰ ਤਨਖਾਹੀਆ ਕਰਾਰ ਦਿੱਤੇ ਜਾਣ ਦੇ ਸਬੰਧ ਵਿੱਚ ਭਰਵੀਂ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਨੂੰ ਤੁਰੰਤ ਸਾਰੇ ਅਹੁਦਿਆਂ ਤੋਂ ਅਸਤੀਫਾ ਦੇ ਦੇਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ 1920 ਵਿੱਚ ਜਦ ਸ਼੍ਰੋਮਣੀ ਅਕਾਲੀ ਦਲ ਦੀ ਸਥਾਪਨਾ ਹੋਈ ਸੀ ਤਾਂ ਉਸ ਵੇਲੇ ਅਕਾਲੀ ਦਲ ਸਬੰਧੀ ਬਕਾਇਦਾ ਤੌਰ 'ਤੇ ਸੰਵਿਧਾਨ ਘੜਿਆ ਗਿਆ ਸੀ। ਜਿਸ ਵਿੱਚ ਇਹ ਵੀ ਸ਼ਾਮਲ ਸੀ ਕਿ ਅਕਾਲੀ ਦਲ ਦਾ ਪ੍ਰਧਾਨ ਇੱਕ ਅੰਮ੍ਰਿਤਧਾਰੀ ਗੁਰਸਿੱਖ ਹੋਣਾ ਚਾਹੀਦਾ ਹੈ। ਜਿਸ ਵਿੱਚ ਸਿੱਖੀ ਨਾਲ ਸਬੰਧਤ ਸਾਰੇ ਗੁਣ ਮੌਜੂਦ ਹੋਣ, ਉਹ ਦਾੜੀ ਨਾ ਰੰਗਦਾ ਹੋਵੇ ਅਤੇ ਬਕਾਇਦਾ ਤੌਰ 'ਤੇ ਕੱਪੜਿਆਂ ਤੋਂ ਉੱਪਰ ਦੀ ਸ੍ਰੀ ਸਾਹਿਬ ਪਹਿਨਦਾ ਹੋਵੇ, ਪਰ ਸੁਖਬੀਰ ਸਿੰਘ ਬਾਦਲ ਨੂੰ ਸ਼੍ਰੋਮਣੀ ਅਕਾਲੀ ਦਲ ਦਾ ਪ੍ਰਧਾਨ ਬਣਾਉਣ ਸਮੇਂ ਇਨ੍ਹਾਂ ਸਾਰੀਆਂ ਪਾਬੰਦੀਆਂ ਤੋਂ ਕਿਨਾਰਾ ਕੀਤਾ ਸੀ। ਉਨ੍ਹਾਂ ਕਿਹਾ ਕਿ ਹੁਣ ਵੀ ਬਲਵਿੰਦਰ ਸਿੰਘ ਭੂੰਦੜ ਨੂੰ ਸ਼੍ਰੋਮਣੀ ਅਕਾਲੀ ਦਲ ਦਾ ਜੋ ਕਾਰਜਕਾਰੀ ਪ੍ਰਧਾਨ ਬਣਾਇਆ ਗਿਆ ਹੈ, ਉਹ ਵੀ ਸਿੱਖੀ ਨਾਲ ਸਬੰਧਤ ਮਰਿਯਾਦਾ ਤੋਂ ਦੂਰ ਹੈ। ਉਹ ਵੀ ਅੰਮ੍ਰਿਤਧਾਰੀ ਨਹੀਂ ਹੈ ਅਤੇ ਦਾੜੀ ਬੰਨ੍ਹਣ ਦੀ ਅਵਗਿਆ ਕਰਦਾ ਹੈ। ਸਿੰਘ ਸਾਹਿਬ ਨੇ ਕਿਹਾ ਕਿ ਸ੍ਰੀ ਅਕਾਲ ਤਖਤ ਸਾਹਿਬ ਦੇ ਪੰਜ ਸਿੰਘ ਸਾਹਿਬਾਨ ਵੱਲੋਂ ਤਨਖਾਹੀਆ ਕਰਾਰ ਦਿੱਤੇ ਜਾਣ ਦਾ ਫੈਸਲਾ ਸੁਣਾਏ ਜਾਣ ਦੇ ਬਾਅਦ ਸੁਖਬੀਰ ਸਿੰਘ ਬਾਦਲ ਨੂੰ ਤੁਰੰਤ ਪ੍ਰਧਾਨਗੀ ਤੋਂ ਅਸਤੀਫਾ ਦੇ ਦੇਣਾ ਚਾਹੀਦਾ ਸੀ। ਉਨ੍ਹਾਂ ਕਿਹਾ ਕਿ ਮਰਹੂਮ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਦੇ ਕਾਰਜਕਾਲ ਦੌਰਾਨ ਸ਼੍ਰੋਮਣੀ ਅਕਾਲੀ ਦਲ ਅਤੇ ਸਿੱਖ ਹਿੱਤਾਂ ਨੂੰ ਬਹੁਤ ਨੁਕਸਾਨ ਪੁੱਜਾ ਹੈ। ਸਿੰਘ ਸਾਹਿਬ ਨੇ ਕਿਹਾ ਕਿ ਪ੍ਰਕਾਸ਼ ਸਿੰਘ ਬਾਦਲ ਨੂੰ ਦਿੱਤਾ ਗਿਆ ਫ਼ਖਰ-ਏ-ਕੌਮ ਦਾ ਐਵਾਰਡ ਵਾਪਸ ਲਿਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਭਾਵੇਂ ਹੁਣ ਪ੍ਰਕਾਸ਼ ਸਿੰਘ ਬਾਦਲ ਇਸ ਦੁਨੀਆ ਵਿੱਚ ਨਹੀਂ ਹਨ, ਪਰ ਐਵਾਰਡ ਤਾਂ ਉਨ੍ਹਾਂ ਦੇ ਘਰ ਵਿੱਚ ਮੌਜੂਦ ਹੈ। ਉਹ ਇਹ ਐਵਾਰਡ ਰੱਖਣ ਦੇ



ਯੋਗ ਨਹੀਂ ਹੈ। ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਨੇ ਕਿਹਾ ਹੈ ਕਿ ਬਹਿਬਲ ਕਲਾਂ ਗੋਲੀ ਕਾਂਡ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਹੋਈਆਂ ਬੇਅਦਬੀਆਂ ਅਤੇ ਹੋਰ ਵਧੀਕੀਆਂ ਦੀ ਜਾਂਚ ਲਈ ਵਿਦਵਾਨਾਂ ਦਾ ਇੱਕ ਪੈਨਲ ਬਣਾਇਆ ਜਾਣਾ ਚਾਹੀਦਾ ਹੈ, ਜਿਹੜਾ ਇਨ੍ਹਾਂ ਸਾਰੇ ਮਾਮਲਿਆਂ ਦੀ ਨਿਰਪੱਖ ਜਾਂਚ ਕਰਕੇ ਹਕੀਕਤ ਨੂੰ ਸਾਹਮਣੇ ਲਿਆਉਣ। ਉਨ੍ਹਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਨੂੰ ਸ੍ਰੀ ਅਕਾਲ ਤਖਤ ਸਾਹਿਬ ਤੇ ਪੇਸ਼ ਹੋ ਕੇ ਆਪਣੇ ਗੁਨਾਹਾਂ ਦੀ ਮਾਫੀ ਮੰਗਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਨੇ ਉਨ੍ਹਾਂ ਕੋਲ ਮੌਜੂਦ ਸਾਰੇ ਅਹੁਦਿਆਂ ਤੋਂ ਅਸਤੀਫਾ ਦੇਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਜਦੋਂ ਕਿਸੇ ਨੂੰ ਤਨਖਾਹੀਆ ਕਰਾਰ ਦਿੱਤਾ ਜਾਂਦਾ ਹੈ ਤਾਂ ਉਹ ਕਿਸੇ ਅਹੁਦੇ 'ਤੇ ਕਾਇਮ ਨਹੀਂ ਰਹਿ ਸਕਦਾ। ਅਕਾਲੀ ਦਲ ਦਾ ਪ੍ਰਧਾਨ ਕਿਸ ਨੂੰ ਬਣਾਇਆ ਜਾਵੇ ? ਇਹ ਪਾਰਟੀ 'ਤੇ ਛੱਡਿਆ ਜਾਣਾ ਚਾਹੀਦਾ ਹੈ। ਸਿੰਘ ਸਾਹਿਬ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਆਪਣੇ ਮੁਫਾਦ ਲਈ ਅਕਾਲੀ ਦਲ ਦੇ ਸੰਵਿਧਾਨ ਵਿੱਚ ਕਈ ਤਬਦੀਲੀਆਂ ਕੀਤੀਆਂ। ਉਨ੍ਹਾਂ ਕਿਹਾ ਕਿ ਇਸੇ ਕਾਰਨ ਹਾਲਾਤ ਵਿਗੜੇ। ਉਨ੍ਹਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਆਪਣੇ ਗੁਨਾਹਾਂ ਉੱਤੇ ਪਰਦਾ ਪਾਉਣ ਦੇ ਲਈ ਨਿਸ਼ਾਨ ਸਾਹਿਬ ਦੇ ਚੋਲਿਆਂ ਦੇ ਰੰਗ ਬਦਲੇ। ਸਿੰਘ ਸਾਹਿਬ ਨੇ ਕਿਹਾ ਕਿ ਇਨ੍ਹਾਂ ਸਾਰੀਆਂ ਘਟਨਾਵਾਂ ਦੀ ਪੜਚੋਲ ਹੋਣੀ ਚਾਹੀਦੀ ਹੈ। ਉਨ੍ਹਾਂ ਦਾਅਵਾ ਕਰਦਿਆਂ ਕਿਹਾ ਕਿ ਨਵੀਂ ਪੀੜ੍ਹੀ ਇਸ ਤੋਂ ਉੱਪਰ ਉੱਠ ਕੇ ਸਿਆਸਤ ਨੂੰ ਉੱਪਰ ਲੈ ਕੇ ਜਾਵੇਗੀ। ਪ੍ਰੈੱਸ ਕਾਨਫਰੰਸ ਵਿੱਚ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਤੋਂ ਇਲਾਵਾ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲੇ ਕਾਰਜਕਾਰੀ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ, ਸੰਤ ਬਾਬਾ ਚਰਨਜੀਤ ਸਿੰਘ ਜਸੋਵਾਲ ਮੁੱਖ ਬੁਲਾਰਾ ਦਮਦਮੀ ਟਕਸਾਲ ਸ਼੍ਰੋਮਣੀ ਕਮੇਟੀ ਮੈਂਬਰ ਅਤੇ ਬਾਬਾ ਸਵਰਨਜੀਤ ਸਿੰਘ ਮਿਸਲ ਸ਼ਹੀਦਾਂ ਤਰਨਾ ਦਲ ਦੁਆਬਾ ਮੌਜੂਦ ਸਨ।

### ਬਹਿਬਲ ਕਲਾਂ ਗੋਲੀ ਕਾਂਡ, ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਹੋਈਆਂ ਬੇਅਦਬੀਆਂ ਅਤੇ ਹੋਰ ਵਧੀਕੀਆਂ ਦੀ ਜਾਂਚ ਲਈ ਸਿੱਖ ਵਿਦਵਾਨਾਂ ਦਾ ਪੈਨਲ ਬਣਾਇਆ ਜਾਏ

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਦੀ ਪ੍ਰੇਰਨਾ ਸਦਕਾ

www.nsycuk.com

ਸਾਲਾਨਾ ਯਾਤਰਾ 20 ਫਰਵਰੀ ਤੋਂ 12 ਮਾਰਚ 2025 ਤੱਕ

# ਪੰਜ ਤਖ਼ਤ ਸਾਹਿਬਾਨ ਅਤੇ ਹੋਰ ਇਤਿਹਾਸਕ ਗੁਰਦੁਆਰਿਆਂ ਦੀ ਸਾਲਾਨਾ ਯਾਤਰਾ


ਸ੍ਰੀ ਅਕਾਲ ਤਖ਼ਤ ਸਾਹਿਬ


ਤਖ਼ਤ ਸ੍ਰੀ ਪਟਨਾ ਸਾਹਿਬ


ਤਖ਼ਤ ਸ੍ਰੀ ਕੇਸਗੜ੍ਹ ਸਾਹਿਬ


ਤਖ਼ਤ ਸ੍ਰੀ ਦਮਦਮਾ ਸਾਹਿਬ


ਤਖ਼ਤ ਸ੍ਰੀ ਹਜ਼ੂਰ ਸਾਹਿਬ

## ਯਾਤਰਾ ਗੁਰਦੁਆਰਾ ਦੂਖ ਨਿਵਾਰਣ ਸਾਹਿਬ, ਗੁਰੂ ਤੇਗ ਬਹਾਦਰ ਨਗਰ, ਜਲੰਧਰ ਤੋਂ

20 ਫਰਵਰੀ 2025, ਦਿਨ ਵੀਰਵਾਰ ਨੂੰ ਸਵੇਰੇ ਠੀਕ 8 ਵਜੇ ਆਰੰਭ ਹੋਵੇਗੀ, ਸੰਗਤਾਂ ਸਵੇਰੇ 7.30 ਵਜੇ ਤੱਕ ਪਹੁੰਚਣ ਦੀ ਕਿਰਪਾ ਕਰਨ। 12 ਮਾਰਚ 2025, ਦਿਨ ਬੁੱਧਵਾਰ ਨੂੰ ਉਕਤ ਗੁਰਦੁਆਰਾ ਸਾਹਿਬ ਵਿਖੇ ਹੀ ਯਾਤਰਾ ਦੀ ਸਮਾਪਤੀ ਹੋਵੇਗੀ।



**ਬਾਹਰਲੇ ਦੇਸ਼ਾਂ ਤੋਂ ਜਾਣ ਵਾਲੇ ਯਾਤਰੀ ਦਾ ਖਰਚ 400 ਪੌਂਡ ਅਤੇ ਪੱਕੇ ਤੌਰ 'ਤੇ ਭਾਰਤ ਵਿਚ ਰਹਿ ਰਹੇ ਯਾਤਰੀ ਦਾ ਖਰਚਾ 20 ਹਜ਼ਾਰ ਰੁਪਏ ਹੈ**

ਸੀਮਤ ਸੀਟਾਂ ਜਲਦੀ ਬੁਕਿੰਗ ਕਰਵਾਉ ਜੀ

ਨੋਟ: ਵਿਦੇਸ਼ਾਂ ਤੋਂ ਸੰਗਤਾਂ ਆਪੋ-ਆਪਣੀਆਂ ਟਿਕਟਾਂ ਲੈ ਕੇ ਪੰਜਾਬ ਪਹੁੰਚਣਗੀਆਂ। ਯਾਤਰਾ ਏਅਰ ਕੰਡੀਸ਼ਨਰ ਕੋਚਾਂ ਵਿੱਚ ਕਰਵਾਈ ਜਾਵੇਗੀ। ਇੰਗਲੈਂਡ, ਅਮਰੀਕਾ, ਕੈਨੇਡਾ ਜਾਂ ਦੁਨੀਆਂ ਦੇ ਕਿਸੇ ਵੀ ਦੇਸ਼ ਵਿੱਚ ਰਹਿੰਦੇ ਸ਼ਰਧਾਲੂ ਇਸ ਯਾਤਰਾ ਵਿੱਚ ਜਾਲ ਲਈ ਸੰਪਰਕ ਕਰ ਸਕਦੇ ਹਨ। ਭਾਰਤ ਦੇ ਪੱਕੇ ਵਸਨੀਕ ਰਿਸ਼ਤੇਦਾਰਾਂ/ ਮਿੱਤਰਾਂ ਦੀ ਬੁਕਿੰਗ ਵੀ ਇੱਥੇ ਯੂ.ਕੇ. ਵਿੱਚ ਤੁਸੀਂ ਕਰਵਾ ਸਕਦੇ ਹੋ।

ਗੁ. ਸ੍ਰੀ ਗੁਰੂ ਤੇਗ ਬਹਾਦਰ, ਜਲੰਧਰ ਤੋਂ ਸ਼ੁਰੂਆਤ, ਗੁ. ਸ਼ਹੀਦ ਬੇਅੰਤ ਸਿੰਘ, ਗੁ. ਗੁਰੂ ਕਾ ਲਾਹੌਰ, ਗੁ. ਸੁਹੇਲਾ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਬਾਉਲੀ ਸਾਹਿਬ, ਗੁ. ਨਾਢਾ ਸਾਹਿਬ, ਗੁ. ਸ੍ਰੀ ਕ੍ਰਿਪਾਲ ਸ਼ਿਲਾ, ਗੁ. ਸ੍ਰੀ ਪਾਉਂਟਾ ਸਾਹਿਬ, ਗੁ. ਦਸਤਾਰ ਅਸਥਾਨ, ਗੁ. ਭੰਗਾਣੀ ਸਾਹਿਬ, ਗੁ. ਤੀਰਗੜ੍ਹੀ ਸਾਹਿਬ, ਗੁ. ਨਾਨਕਮਤਾ ਸਾਹਿਬ, ਗੁ. ਬਾਬਾ ਅਲਮਸਤ ਸਾਹਿਬ, ਗੁ. ਭੰਡਾਰਾ ਸਾਹਿਬ, ਗੁ. ਦੁੱਧ ਵਾਲਾ ਖੂਹ, ਬਾਉਲੀ ਸਾਹਿਬ, ਗੁ. ਭਗਤ ਕਬੀਰ ਜੀ ਮਗਹਰ,ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗੁ. ਗਊ ਘਾਟ, ਗੁ. ਤਾਕੀ ਸਾਹਿਬ, ਗੁ. ਗੁਰੂ ਕਾ ਬਾਗ ਪਟਨਾ ਸਾਹਿਬ, ਗੁ. ਕੰਗਣ ਘਾਟ, ਮਾਤਾ ਗੁਜਰੀ ਜੀ ਦਾ ਖੂਹ, ਗੁ. ਬਾਲ ਲੀਲ੍ਹਾ, ਗੁ. ਹਾਂਡੀ ਸਾਹਿਬ, ਗੁ. ਸ਼ੀਤਲ ਕੁੰਡ ਰਾਜਗੀਰ, ਗੁ. ਗਵਾਰੀ ਘਾਟ ਸਾਹਿਬ ਜੱਬਲਪੁਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਗੁ. ਰਤਨਗੜ੍ਹ ਸਾਹਿਬ, ਗੁ. ਨਾਨਕਸਰ, ਗੁ. ਸੰਗਤ ਸਾਹਿਬ, ਗੁ. ਮਾਤਾ ਸਾਹਿਬ ਦੇਵਾਂ ਜੀ, ਗੁ. ਅੰਗੀਠਾ ਸਾਹਿਬ ਸੰਤ ਬਾਬਾ ਨਿਧਾਨ ਸਿੰਘ ਜੀ-ਸੰਤ ਬਾਬਾ ਹਰਨਾਮ ਸਿੰਘ ਜੀ, ਗੁ. ਭਜਨਗੜ੍ਹ ਸਾਹਿਬ, ਗੁ. ਨਾਨਕ ਝੀਰਾ ਸਾਹਿਬ, ਗੁ. ਹੀਰਾ ਘਾਟ, ਗੁ. ਮਾਲਟੇਕੜੀ ਸਾਹਿਬ, ਗੁ. ਨਗੀਨਾ ਘਾਟ, ਗੁ. ਬੰਦਾ ਘਾਟ, ਦੇਹੁਰਾ ਭਗਤ ਨਾਮਦੇਵ ਜੀ, ਗੁ. ਬੜੀ ਸੰਗਤ ਸਾਹਿਬ ਬੁਰਹਾਨਪੁਰ, ਗੁ. ਦੱਖਣੀ ਓਅੰਕਾਰ ਸਾਹਿਬ, ਗੁ. ਸਾਹਿਬ ਬੇਟਮਾ ਇੰਦੌਰ, ਗੁ. ਦਾਤਾ ਬੰਦੀ ਛੋੜ ਗਵਾਲੀਅਰ, ਗੁ. ਦੂਖ ਨਿਵਾਰਨ ਸਾਹਿਬ ਆਗਰਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਭਾਈ ਡੱਲੇ ਦੀ ਹਵੇਲੀ, ਭੋਰਾ ਬਾਬਾ ਦੀਪ ਸਿੰਘ ਜੀ, ਗੁ. ਬਾਬਾ ਬੀਰ ਸਿੰਘ ਧੀਰ ਸਿੰਘ, ਗੁ. ਦਮਦਮਾ ਸਾਹਿਬ, ਗੁਰਦੁਆਰਾ ਬੁੰਗਾ ਮਸਤੂਆਣਾ, ਗੁਰੂਸਰ ਮਹਿਰਾਜ, ਗੁ. ਜ਼ਫ਼ਰਨਾਮਾ ਸਾਹਿਬ, ਗੁਰਦੁਆਰਾ ਟੁੱਟੀ ਗੰਢੀ ਸਾਹਿਬ, ਗੁ. ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ, ਸ੍ਰੀ ਤਰਨਤਾਰਨ ਸਾਹਿਬ, ਛੇਹਰਟਾ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਜਲੰਧਰ ਵਾਪਸੀ ਹੋਵੇਗੀ ।

**ਯਾਤਰੂ ਟਰੈਵਲ ਇੰਸ਼ੋਰੈਂਸ ਖੁਦ ਜ਼ਰੂਰ ਕਰਵਾਉਣ। ਤੁਸੀਂ ਆਪਣੇ ਨਾਂਅ ਇੰਗਲੈਂਡ ਦੇ ਵੱਖ-ਵੱਖ ਸ਼ਹਿਰਾਂ ਵਿਚ ਵੀ ਸਾਡੇ ਸੇਵਾਦਾਰਾਂ ਨੂੰ ਦੇ ਸਕਦੇ ਹੋ। ਵਧੀਆ ਰਿਹਾਇਸ਼ ਅਤੇ ਮੁੱਢਲੀ ਡਾਕਟਰੀ ਸਹਾਇਤਾ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ।**


## ਗੁਰੂ ਪੰਥ ਦੇ ਦਾਸ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ

| | | | |
|---|---|---|---|
| ਭਾਈ ਰਘਵੀਰ ਸਿੰਘ ਮਾਲੜੀ ਨੋਟਿੰਘਮ | +44 7813953484 | ਭਾਈ ਅਮਰੀਕ ਸਿੰਘ ਤੂਰ ਡਰਬੀ | +44 7539243163 |
| ਭਾਈ ਰਘਵੀਰ ਸਿੰਘ ਵਾਲਸਾਲ | +44 7976210161 | ਬੀਬੀ ਜਸਵਿੰਦਰ ਕੌਰ ਥਾਂਦੀ ਕਵੈਂਟਰੀ | +44 7895666314 |
| ਭਾਈ ਬਲਜੀਤ ਸਿੰਘ ਕੰਗ | +44 7780605230 | ਭਾਈ ਕਪਤਾਨ ਸਿੰਘ ਵੁਲਵਰਹੈਂਪਟਨ | +44 7788283485 |

ਨੋਟ: ਕਿਸੇ ਜਥੇਬੰਦੀ ਜਾਂ ਨਿੱਜੀ ਲਾਭ ਦੀ ਬਜਾਇ ਇਸ ਯਾਤਰਾ ਕਮੇਟੀ ਦਾ ਗਠਨ ਸੰਗਤਾਂ ਦੀ ਸੇਵਾ ਲਈ ਕੀਤਾ ਗਿਆ ਹੈ, ਇਕੱਤਰ ਮਾਇਆ ਗੁਰਦੁਆਰਾ ਸਾਹਿਬਾਨ ਦੀ ਸੇਵਾ ਵਿੱਚ ਹੀ ਲਾਈ ਜਾਂਦੀ ਹੈ।

Nankana Sahib Yatra Committee U.K, 21 Hazel Ave, Littleover, Derby De23 7HA
www.nsycuk.com, E-Mail: nsycuk1469@gmail.com
ਪਿਛਲੇ ਸਾਲਾਂ ਦੀਆਂ ਯਾਤਰਾ ਤਸਵੀਰਾਂ ਦੇਖਣ ਲਈ ਸਾਡੇ ਫੇਸਬੁੱਕ ਪੇਜ Nankana Sahib Yatra Commitee UK ਅਤੇ ਵੈੱਬਸਾਈਟ ਤੇ ਜ਼ਰੂਰ ਜਾਉ ਜੀ

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net
ਨਾਮ ਜਪੋ / ਕਿਰਤ ਕਰੋ / ਵੰਡ ਛਕੋ
Naam Japo / Kirat Karo / Vand Shako
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS
PURE AND NATURAL 100% VEGETARIAN
Enjoy Real Taste of PUNJAB
KD
FULLY A.C. HALL
**Khehra VAISHNO DHABA**
BREAKFAST
LUNCH
DINNER
OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment



ਪੰਜਾਬੀ
ਸਿੱਖੋ ਬੋਲੋ ਪੜ੍ਹੋ ਲਿਖੋ
ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼
ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ
Love Maa Boli Punjabi
ਮੁਕਤਾ, ਕੰਨਾ, ਸਿਹਾਰੀ, ਬਿਹਾਰੀ
ਔਂਕੜ, ਦੁਲੈਂਕੜ, ਲਾਂ, ਦੁਲਾਵਾਂ
ਹੋੜਾ, ਕਨੌੜਾ, ਟਿੱਪੀ, ਕੰਨਾ-ਬਿੰਦੀ
www.damdamitaksal.net
੧ ੨ ੩ ੪ ੫ ੬ ੭ ੮ ੯ ੧੦
www.damdamitaksal.net
Learn Speak Read Write
PUNJABI


# ਕੰਗਣਾ ਰਣੌਤ ਦੀ ਫਿਲਮ 'ਤੇ ਬੈਨ ਲੱਗੇ : ਸਿੰਘ ਸਾਹਿਬ



**ਜਲੰਧਰ**, 30 **ਅਗਸਤ (ਆਵਾਜ਼ਿ ਕੌਮ ਬਿਊਰੋ)**- ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਨੇ ਪ੍ਰੈੱਸ ਕਾਨਫਰੰਸ ਦੌਰਾਨ ਇੱਕ ਸਵਾਲ ਦੇ ਜਵਾਬ ਵਿੱਚ ਕਿਹਾ ਕਿ ਕੰਗਣਾ ਰਣੌਤ ਦੀ ਫਿਲਮ ਐਮਰਜੈਂਸੀ ਉੱਪਰ ਤੁਰੰਤ ਪਾਬੰਦੀ ਲਗਾਈ ਜਾਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਫਿਲਮ ਵਿੱਚ ਘਟਨਾਵਾਂ ਨੂੰ ਤੋੜ-ਮਰੋੜ ਕੇ ਪੇਸ਼ ਕੀਤਾ ਗਿਆ ਹੈ। ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਨੇ ਕਿਹਾ ਕਿ ਫਿਲਮ ਵਿਚ ਸੰਤ ਜਰਨੈਲ ਸਿੰਘ ਭਿੰਡਰਾਂਵਾਲੇ ਦੇ ਕਿਰਦਾਰ ਨੂੰ ਠੀਕ ਢੰਗ ਨਾਲ ਪੇਸ਼ ਨਹੀਂ ਕੀਤਾ ਗਿਆ, ਜੋ ਬਰਦਾਸ਼ਤ ਤੋਂ ਬਾਹਰ ਹੈ। ਉਨ੍ਹਾਂ ਕਿਹਾ ਕਿ ਇਸ ਫਿਲਮ ਦਾ ਡਟਕੇ ਵਿਰੋਧ ਕੀਤਾ ਜਾਵੇਗਾ ਅਤੇ ਭਾਰਤ ਸਮੇਤ ਦੁਨੀਆਂ ਭਰ ਵਿਚ ਇਸ ਫਿਲਮ ਨੂੰ ਕਿਸੇ ਵੀ ਕੀਮਤ 'ਤੇ ਪ੍ਰਦਰਸ਼ਤ ਨਹੀਂ ਹੋਣ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਜਿਸ ਨੇ ਵੀ ਸੰਤਾਂ ਦੇ ਕਿਰਦਾਰ ਨਾਲ ਛੇੜਖਾਨੀ ਕੀਤੀ ਹੈ ਉਸ ਨੂੰ ਮੂੰਹ ਦੀ ਖਾਣੀ ਪਈ ਹੈ।

ਆਵਾਜ਼ਿ ਕੌਮ AWAZE QAUM International Newspaper & WEB TV



ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ-ਧੰਨ
ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ
ਖ਼ਾਲਸਾ
ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470




ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ
ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ
ਖ਼ਰੀਦਣ ਲਈ ਸੰਪਰਕ ਕਰੋ।
ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ
ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446




ASA Gas Heating
Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ
ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ
ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ
ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ
ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ
ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ
ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ
ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ
ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਸੰਪੂਰਨਤਾ ਦਿਵਸ

ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸੰਪੂਰਨਤਾ ਦਿਵਸ ਅਤੇ ਜਨਮ ਦਿਹਾੜਾ ਪਿਆਰੇ ਭਾਈ ਦਈਆ ਸਿੰਘ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ



ਕਥਾ ਵਾਚਕ ਗਿਆਨੀ ਸੁਖਚੈਨ ਸਿੰਘ ਦਮਦਮੀ ਟਕਸਾਲ ਵਾਲੇ

**ਸ਼ਨਿੱਚਰਵਾਰ 31 ਅਗਸਤ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ**

ਐਤਵਾਰ 1 ਸਤੰਬਰ 2024 ਨੂੰ 6:30 ਵਜੇ ਸਵੇਰੇ ਚੌਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ ਗਿਆਨੀ ਸੁਖਚੈਨ ਸਿੰਘ ਦਮਦਮੀ ਟਕਸਾਲ ਵਾਲੇ ਕਥਾ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਸਰਦਾਈ ਦੀ ਛਬੀਲ ਵੀ ਲੱਗੇਗੀ ☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

**ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।**

## ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ☛ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07715 1-28621






KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।



**www.khalsaforge.com**




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243



ਸੂਰਾ ਸੋ ਪਹਿਚਾਨੀਐ ਜੁ ਲਰੈ ਦੀਨ ਕੇ ਹੇਤ ॥
ਪੁਰਜਾ ਪੁਰਜਾ ਕਟਿ ਮਰੈ ਕਬਹੂ ਨ ਛਾਡੈ ਖੇਤੁ ॥੨॥੨॥



ਆਵਾਜ਼ਿ ਕੌਮ AWAZE QAUM International Newspaper & WEB TV

ਦਲ ਖਾਲਸਾ ਦੇ ਬਾਨੀ ਕੌਮੀ ਯੋਧੇ ਭਾਈ ਗਜਿੰਦਰ ਸਿੰਘ ਦੀ ਮਿੱਠੀ ਯਾਦ ਨੂੰ ਸਮਰਪਿਤ
ਸ਼੍ਰੀ ਸਹਿਜ ਪਾਠ ਅਗਸਤ 24 2024 ਨੂੰ ਪ੍ਰਕਾਸ਼ ਹੋਣਗੇ
ਭੋਗ ਸਤੰਬਰ 1, 2024 ਨੂੰ ਪਏ ਜਾਣਗੇ, ਸਵੇਰੇ - 10 ਵਜੇ

ਅਸਥਾਨ - ਗੁਰੂਦਵਾਰਾ ਸ਼੍ਰੀ ਗੁਰੂ ਸਿੰਘ ਸਭਾ ਕੈਂਟਨ, ਮਿਸੀਗਨ
3310 Canton Ctr Rd, Canton, MI 48188
+17348928498, +17349255669, +19898009898

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




# ਨੈਸ਼ਨਲ ਡੇਂਗੂ ਕੰਟਰੋਲ ਪ੍ਰੋਗਰਾਮ ਤਹਿਤ ਜ਼ਿਲ੍ਹਾ ਟਾਸਕ ਫੋਰਸ ਦੀ ਮੀਟਿੰਗ ਬੁਲਾਈ ਗਈ

**ਚੌਂਕ ਮਹਿਤਾ, 30 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਜ਼ਿਲ੍ਹਾ ਕੰਪਲੈਕਸ ਅੰਮ੍ਰਿਤਸਰ ਵਿਖੇ ਵੈਸ਼ਨਲ ਡੇਂਗੂ ਕੰਟਰੋਲ ਪ੍ਰੋਗਰਾਮ ਤਹਿਤ ਦੇ ਸਬੰਧ ਵਿੱਚ ਜ਼ਿਲ੍ਹਾ ਟਾਸਕ ਫੌਰਸ ਦੀ ਮੀਟਿੰਗ ਬੁਲਾਈ ਗਈ, ਜਿਸ ਦੀ ਪ੍ਰਧਾਨਗੀ ਵਧੀਕ ਡਿਪਟੀ ਕਮਿਸ਼ਨਰ ਸ੍ਰੀਮਤੀ ਜੋਤੀ ਬਾਲਾ ਜੀ ਵੱਲੋ ਕੀਤੀ ਗਈ ।ਇਸ ਮੌਕੇ ਸਿਵਲ ਸਰਜਨ ਡਾ ਸੁਮੀਤ ਸਿੰਘ ਜੀ ਦੀ ਅਗਵਾਈ ਹੇਠਾਂ ਸਿਹਤ ਵਿਭਾਗ, ਨਗਰ ਨਿਗਮ ਅੰਮ੍ਰਿਤਸਰ, ਲੋਕਲ ਬਾਡੀ ਵਿਭਾਗ, ਪੰਜਾਬ ਰੋਡਵੇਜ, ਸਿੱਖਿਆ ਵਿਭਾਗ, ਵਾਟਰ ਸਪਲਾਈ ਤੇ ਸੈਨੀਟੇਸ਼ਨ ਵਿਭਾਗ, ਮੈਡੀਕਲ ਕਾਲਜ (ਸਰਕਾਰੀ ਅਤੇ ਪ੍ਰਈਵੇਟ), ਆਈ.ਐਮ.ਏ., ਮੱਛੀ ਪਾਲਣ ਵਿਭਾਗ, ਫੂਡ ਸਪਲਾਈ ਵਿਭਾਗ, ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ, ਪਸ਼ੂ ਪਾਲਣ ਵਿਭਾਗ, ਪੰਜਾਬ ਮੰਡੀ ਬੋਰਡ, ਸਮਾਜਿਕ ਸੁਰੱਖਿਆ ਤੇ ਇਸਤਰੀ ਵਿਕਾਸ ਵਿਭਾਗ ਅਤੇ ਖੇਤੀਬਾੜੀ ਵਿਭਾਗ ਦੇ ਨੁਮਾਂਇਦਿਆਂ ਨੇ ਸ਼ਮੂਲਿਅਤ ਕੀਤੀ। ਵਧੀਕ ਡਿਪਟੀ ਕਮਿਸ਼ਨਰ ਸ੍ਰੀਮਤੀ ਜੋਤੀ ਬਾਲਾ ਨੇ ਇਸ ਮੌਕੇ ਸਾਰੇ ਵਿਭਾਗਾਂ ਨੂੰ ਅਪੀਲ ਕੀਤੀ ਕਿ ਉਹ ਆਉਣ ਵਾਲੇ ਡੇਂਗੂ ਸੀਜ਼ਨ ਨੂੰ ਮੱਖ ਰੱਖਦਿਆ ਜਾਗਰੂਕਤਾ ਗਤੀਵਿਧੀਆਂ ਅਰੰਭ ਕਰ ਦੇਣ ਅਤੇ ਸਿਹਤ ਵਿਭਾਗ ਨੂੰ ਸਹਿਯੋਗ ਕਰਨ। ਸਿਵਲ ਸਰਜਨ ਡਾ ਸੁਮੀਤ ਸਿੰਘ ਨੇ ਡੇਗੂ ਅਤੇ ਚਿਕਨਗੁਨੀਆਂ ਦੀ ਬੀਮਾਰੀਆਂ ਬਾਰੇ ਬਹੁਤ ਵਿਸਥਾਰ ਢੰਗ ਨਾਲ ਦੱਸਿਆ ਅਤੇ ਕਿਹਾ ਕਿ ਡੇਗੂ ਤੋ ਬੱਚਣ ਲਈ ਸਭ ਤੋ ਜਿਆਦਾ ਜਰੂਰੀ ਹੈ ਕਿ ਮੱਛਰ ਦੀ ਪੈਦਾਵਾਰ ਨੂੰ ਹੀ ਰੋਕਿਆ ਜਾਵੇ ਅਤੇ ਕਿਤੇ ਵੀ ਪਾਣੀ ਇਕੱਠਾ ਨਾਂ ਹੋਣ ਦਿੱਤਾ ਜਾਵੇ, ਇਸ ਲਈ ਇਹ ਜਰੂਰੀ ਹੈ ਕਿ ਸਾਰੇ ਵਿਭਾਗ ਮਿਲ ਕੇ ਆਪਣੇ-ਆਪਣੇ ਅਧਿਕਾਰ ਖੇਤਰ ਅੰਦਰ ਡੇਂਗੂ ਬਾਰੇ ਸਰਕਾਰੀ ਗਾਈਡ-ਲਾਈਨਾਂ ਦੀ ਪਾਲਣਾਂ ਯਕੀਨੀ ਬਣਾਓਣ ਅਤੇ ਡੇਂਗੂ ਸੰਬਧੀ ਵੱਧ ਤੋਂ ਵੱਧ ਜਾਗਰੂਕਤਾ ਫੈਲਾਓਣ। ਜਿਲ੍ਹਾ ਐਪੀਡਿਮੋਲੋਜਿਸਟ ਡਾ ਹਰਜੋਤ ਕੌਰ ਨੇ ਇਸ ਮੌਕੇ ਤੇ ਵੱਖ-ਵੱਖ ਵਿਭਾਗਾਂ ਭੂਮਿਕਾ ਅਤੇ ਜਿੰਮੇਵਾਰੀਆਂ ਬੜੇ ਵਿਸਥਾਰ ਨਾਲ ਦੱਸਿਆਂ। ਇਸ ਮੌਕੇ ਸਮੂਹ ਪ੍ਰੋਗਰਾਮ ਅਫਸਰ, ਸਮੂਹ ਸੀਨੀਅਰ ਮੈਡੀਕਲ ਅਫਸਰ, ਜ਼ਿਲ੍ਹਾ ਸਿਹਤ ਅਫ਼ਸਰ ਡਾ ਜਸਪਾਲ ਸਿੰਘ, ਡਾ ਇਸ਼ਿਤਾ, ਡਾ ਰਾਘਵ, ਏ.ਐਮ.ਓ. ਰਾਮ ਮਹਿਤਾ, ਐਸ.ਆਈ. ਗੁਰਦੇਵ ਸਿੰਘ, ਸੁਖਦੇਵ ਸਿੰਘ, ਹਰਕੰਮਲ ਸਿੰਘ ਸਮੇਤ ਵੱਖ-ਵੱਖ ਵਿਭਾਗਾਂ ਦੇ ਨੁਮਾਇਦੇ ਮੋਜੂਦ ਸਨ ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਮਰਣੁ ਮੁਣਸਾ ਸੂਰਿਆ ਹਕੁ ਹੈ ਜੋ ਹੋਇ ਮਰਨਿ ਪਰਵਾਣੋ ॥
ਸੂਰੇ ਸੇਈ ਆਗੈ ਆਖੀਅਹਿ ਦਰਗਹ ਪਾਵਹਿ ਸਾਚੀ ਮਾਣੋ ॥
FIRST BARSI
SHAHEED BHAI AVTAR SINGH KHANDA
Shaheed Bhai Avtar Singh Khanda followed the footsteps of his father Shaheed Bhai Kulwant Singh Khukrana, who contributed to the sangarsh launched by Sant Giani Jarnail Singh Ji Khalsa Bhindranwale.
Shaheed Bhai Avtar Singh Khanda's first barsi in the UK, has been organised at Gurdwara Baba Sang Smethwick.
Programme Details:
ARAMBHTA: FRIDAY 30 AUGUST AT 11AM
BHOG SRI AKHAND PAATH: SUNDAY 01 SEPTEMBER AT 11AM
ਆਵਾਜ਼ਿ ਕੌਮ AWAZE QAUM
International Newspaper & WEB TV
GURDWARA BABA SANG JI
9 ST PAULS ROAD, SMETHWICK, WEST MIDLANDS, B66 1EE
On behalf of: The Sangat, Panthic Jathebandiyaan & Mata Charanjit Kaur Ji


ਮਰਣੁ ਮੁਣਸਾ ਸੂਰਿਆ ਹਕੁ ਹੈ ਜੋ ਹੋਇ ਮਰਨਿ ਪਰਵਾਣੋ ॥
ਸੂਰੇ ਸੇਈ ਆਗੈ ਆਖੀਅਹਿ ਦਰਗਹ ਪਾਵਹਿ ਸਾਚੀ ਮਾਣੋ ॥
A NA
IK
ਪਹਿਲੀ ਬਰਸੀ
ਸ਼ਹੀਦ ਭਾਈ ਅਵਤਾਰ ਸਿੰਘ ਖੰਡਾ
ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਵੱਲੋਂ ਵਿੱਢੇ ਸੰਘਰਸ਼ ਵਿੱਚ ਯੋਗਦਾਨ ਪਾਉਣ ਵਾਲੇ ਸ਼ਹੀਦ ਭਾਈ ਕੁਲਵੰਤ ਸਿੰਘ ਜੀ ਖੁਖਰਾਣਾ ਦੇ ਪਾਏ ਪੂਰਨਿਆਂ ਤੇ ਚੱਲਣ ਵਾਲੇ ਉਨਾਂ ਦੇ ਨੌਜਵਾਨ ਸਪੁੱਤਰ ਸ਼ਹੀਦ ਭਾਈ ਅਵਤਾਰ ਸਿੰਘ ਖੰਡਾ ਦੀ ਪਹਿਲੀ ਬਰਸੀ ਦੇ ਸ਼ਹੀਦੀ ਸਮਾਗਮ ਗੁਰਦੁਆਰਾ ਬਾਬਾ ਸੰਗ ਸਮੇਦਿਕ ਵਿਖੇ ਉਲੀਕੇ ਗਏ ਹਨ
ਸਮਾਗਮ ਦਾ ਵੇਰਵਾ:
ਆਰੰਭਤਾ: ਸ਼ੁੱਕਰਵਾਰ 30 ਅਗਸਤ 11 ਵਜੇ
ਭੋਗ ਸ੍ਰੀ ਅਖੰਡ ਪਾਠ: ਐਤਵਾਰ 1 ਸਤੰਬਰ 11 ਵਜੇ
ਆਵਾਜ਼ਿ ਕੌਮ AWAZE QAUM International Newspaper & WEB TV
GURDWARA BABA SANG JI
9 ST PAULS ROAD, SMETHWICK, WEST MIDLANDS, B66 1EE
ਬੇਨਤੀ ਕਰਤਾ: ਸਮੂਹ ਸਾਧ ਸੰਗਤ, ਪੰਥਕ ਜਥੇਬੰਦੀਆਂ ਅਤੇ ਮਾਤਾ ਚਰਨਜੀਤ ਕੌਰ ਜੀ।

### ਮੀਰੀ-ਪੀਰੀ ਦਾ ਸਿਧਾਂਤ

# ਪੰਥ ਵਿਰੋਧੀ ਤਾਕਤਾਂ ਨੂੰ ਹਮੇਸ਼ਾ ਰੜਕਦਾ ਰਿਹੈ : ਐਡਵੋਕੇਟ ਧਾਮੀ




**ਨਵੀਂ ਦਿੱਲੀ, 30 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:- ਗੁਰੂ ਸਾਹਿਬਾਨ ਦਾ ਫ਼ਲਸਫ਼ਾ ਸਿੱਖ ਦੇ ਸ਼ਖਸੀ ਜੀਵਨ ਦੀ ਘਾੜਤ ਘੜਨ ਦੇ ਨਾਲ-ਨਾਲ ਪੰਥਕ ਅਗਵਾਈ ਲਈ ਵੀ ਬੇਹੱਦ ਅਹਿਮ ਹੈ, ਪਰੰਤੂ ਪੰਥ ਵਿਰੋਧੀ ਤਾਕਤਾਂ ਸਿੱਖਾਂ ਦੀ ਇਸ ਵਿਰਾਸਤ ਅਤੇ ਸਿਧਾਂਤਾਂ ਨੂੰ ਸੱਟ ਮਾਰਨ ਲਈ ਲਗਾਤਾਰ ਕੋਝੇ ਯਤਨ ਕਰਦੀਆਂ ਰਹੀਆਂ ਹਨ। ਇਹ ਵਿਚਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ੍ਰੀ ਗੁਰੂ ਰਾਮਦਾਸ ਜੀ ਦੇ 450 ਸਾਲਾ ਗੁਰਿਆਈ ਦਿਵਸ ਤੇ ਸ੍ਰੀ ਗੁਰੂ ਅਮਰਦਾਸ ਜੀ ਦੇ 450 ਸਾਲਾ ਜੋਤੀ ਜੋਤਿ ਦਿਵਸ ਨੂੰ ਸਮਰਪਿਤ ਖ਼ਾਲਸਾ ਕਾਲਜ ਅੰਮ੍ਰਿਤਸਰ ਵਿਖੇ ਧਰਮ ਪ੍ਰਚਾਰ ਕਮੇਟੀ ਵੱਲੋਂ ਕਰਵਾਏ ਗਏ ਪ੍ਰਭਾਵਸ਼ਾਲੀ ਸੈਮੀਨਾਰ ਦੌਰਾਨ ਸੰਬੋਧਨ ਕਰਦਿਆਂ ਪ੍ਰਗਟਾਏ। ਉਨ੍ਹਾਂ ਆਖਿਆ ਕਿ ਗੁਰੂ ਸਾਹਿਬਾਨ ਵੱਲੋਂ ਦੁਨੀਆ ਦੇ ਧਰਮ ਇਤਿਹਾਸ ਅੰਦਰ ਇੱਕ ਨਿਰਾਲੀ ਵਿਚਾਰਧਾਰਾ ਦਿੱਤੀ। ਐਡਵੋਕੇਟ ਧਾਮੀ ਨੇ ਕਿਹਾ ਕਿ ਅੱਜ ਜਦੋਂ ਸਿੱਖ ਕੌਮ ਤੀਜੇ ਅਤੇ ਚੌਥੇ ਪਾਤਸ਼ਾਹ ਜੀ ਨਾਲ ਸਬੰਧਤ ਦੋ ਅਹਿਮ ਸ਼ਤਾਬਦੀਆਂ ਮਨਾ ਰਹੀ ਹੈ ਤਾਂ ਕੌਮੀ ਫ਼ਰਜ਼ ਬਣਦਾ ਹੈ ਕਿ ਗੁਰੂ ਸਾਹਿਬਾਨ ਵੱਲੋਂ ਸਿੱਖੀ ਦੇ ਪ੍ਰਚਾਰ ਪ੍ਰਸਾਰ ਜੋ ਸੰਸਥਾਗਤ ਉਪਰਾਲੇ ਕੀਤੇ ਉਸ ਦੀ ਸੇਧ ਵਿੱਚ ਅੱਗੇ ਵਧਿਆ ਜਾਵੇ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਧਾਰਮਿਕ ਅਤੇ ਪੰਥਕ ਸੁਮੇਲ ਦੀ ਗੱਲ ਕਰਦਿਆਂ ਕਿਹਾ ਕਿ ਅੱਜ ਮੀਰੀ-ਪੀਰੀ ਦਾ ਸਿੱਖ ਸਿਧਾਂਤ ਵਿਰੋਧੀਆਂ ਨੂੰ ਰੜਕ ਰਿਹਾ ਹੈ। ਇਨ੍ਹਾਂ ਦਾ ਸਾਰਾ ਜ਼ੋਰ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸਿੱਖ ਸੰਸਥਾ ਸ਼੍ਰੋਮਣੀ ਕਮੇਟੀ ਇੱਕ ਦੂਜੇ ਤੋਂ ਦੂਰ ਕਰਨ 'ਤੇ ਲੱਗਾ ਹੋਇਆ ਹੈ। ਉਨ੍ਹਾਂ ਸੰਗਤ ਨੂੰ ਅਪੀਲ ਕੀਤੀ ਕਿ ਜਿੱਥੇ ਅਸੀਂ ਪੰਥਕ ਪਹਿਰੇਦਾਰੀ ਕਰਨੀ ਹੈ ਉੱਥੇ ਅੱਜ ਸਮਾਜ ਨੂੰ ਵੰਡਣ ਵਾਲੀਆਂ ਸ਼ਕਤੀਆਂ ਦਾ ਮੁਕਾਬਲਾ ਵੀ ਕਰਨਾ ਹੈ। ਸੈਮੀਨਾਰ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ, ਪ੍ਰਸਿੱਧ ਸਿੱਖ ਵਿਦਵਾਨ ਡਾ. ਹਰਭਜਨ ਸਿੰਘ ਡੇਹਰਾਦੂਨ, ਡਾ. ਪਰਮਵੀਰ ਸਿੰਘ ਪੰਜਾਬੀ ਯੂਨੀਵਰਸਿਟੀ ਪਟਿਆਲਾ ਤੇ ਡਾ. ਇੰਦਰਜੀਤ ਸਿੰਘ ਗੋਗੋਆਣੀ ਪ੍ਰਿੰਸੀਪਲ ਖ਼ਾਲਸਾ ਕਾਲਜ ਸੀਨੀਅਰ ਸੈਕੰਡਰੀ ਸਕੂਲ ਨੇ ਸ੍ਰੀ ਗੁਰੂ ਰਾਮਦਾਸ ਜੀ ਦੇ ਜੀਵਨ ਤੇ ਵਿਚਾਰਧਾਰਾ ਬਾਰੇ ਅਹਿਮ ਅਤੇ ਖੋਜ ਭਰਪੂਰ ਵਿਚਾਰ ਪ੍ਰਗਟ ਕੀਤੇ। ਬੁਲਾਰਿਆਂ ਨੇ ਕਿਹਾ ਕਿ ਗੁਰੂ ਦੀ ਪਾਵਨ ਬਾਣੀ ਵਿੱਚੋਂ ਮਨੁੱਖੀ ਜੀਵਨ ਦੇ ਵਿਕਾਸ ਲਈ ਸਰਬਪੱਖੀ ਉਪਦੇਸ਼ ਪ੍ਰਾਪਤ ਹੁੰਦਾ ਹੈ। ਉਨ੍ਹਾਂ ਗੁਰਬਾਣੀ ਦੇ ਵਿਭਿੰਨ ਪਹਿਲੂਆਂ ਦੇ ਨਾਲ-ਨਾਲ ਇਤਿਹਾਸ ਅੰਦਰ ਸ੍ਰੀ ਅੰਮ੍ਰਿਤਸਰ ਸ਼ਹਿਰ ਦੀ ਵਿਲੱਖਣਤਾ ਬਾਰੇ ਉਭਰਵੇਂ ਵਿਚਾਰ ਸਾਂਝੇ ਕੀਤੇ। ਵਿਦਵਾਨ ਬੁਲਾਰਿਆਂ ਨੇ ਕਿਹਾ ਕਿ ਪੂਰੇ ਵਿਸ਼ਵ ਵਿੱਚ ਵੱਸਦੇ ਸਿੱਖਾਂ ਲਈ ਸ੍ਰੀ ਗੁਰੂ ਰਾਮਦਾਸ ਜੀ ਦੀ ਵਸਾਈ ਨਗਰੀ ਸ੍ਰੀ ਅੰਮ੍ਰਿਤਸਰ ਬੇਹੱਦ ਅਹਿਮ ਹੈ ਕਿਉਂਕਿ ਇੱਥੇ ਸਥਿਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਹਰ ਸਿੱਖ ਦੇ ਹਿਰਦੇ ਵਿੱਚ ਧੜਕਦਾ ਹੈ। ਇਸ ਤੋਂ ਪਹਿਲਾਂ ਖ਼ਾਲਸਾ ਕਾਲਜ ਦੇ ਪ੍ਰਿੰਸੀਪਲ ਡਾ. ਮਹਿਲ ਸਿੰਘ ਨੇ ਸਵਾਗਤੀ ਸ਼ਬਦ ਕਹਿ ਕੇ ਸੈਮੀਨਾਰ ਦੀ ਅਰੰਭਤਾ ਕੀਤੀ। ਸੈਮੀਨਾਰ ਦੌਰਾਨ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ, ਜਨਰਲ ਸਕੱਤਰ ਭਾਈ ਰਜਿੰਦਰ ਸਿੰਘ ਮਹਿਤਾ ਅਤੇ ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਨੇ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਬੁਲਾਰਿਆਂ ਨੂੰ ਸਨਮਾਨਿਤ ਕੀਤਾ। ਇਸ ਤੋਂ ਇਲਾਵਾ ਧਰਮ ਪ੍ਰਚਾਰ ਕਮੇਟੀ ਵੱਲੋਂ ਕਰਵਾਈ ਜਾਂਦੀ ਧਾਰਮਿਕ ਪ੍ਰੀਖਿਆ ਅਤੇ ਸਿੱਖ ਧਰਮ ਅਧਿਐਨ ਪੱਤਰ ਵਿਹਾਰ ਕੋਰਸ ਵਿੱਚ ਮੋਹਰੀ ਸਥਾਨ ਹਾਸਲ ਕਰਨ ਵਾਲੇ ਬੱਚਿਆਂ ਨੂੰ ਵੀ ਵਜ਼ੀਫ਼ਾ ਰਾਸ਼ੀ ਦੇ ਕੇ ਸਨਮਾਨਿਤ ਕੀਤਾ ਗਿਆ। ਸੈਮੀਨਾਰ ਮੌਕੇ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ, ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸ. ਸੁਰਜੀਤ ਸਿੰਘ ਭਿੱਟੇਵੱਡ, ਸ. ਗੁਰਮੀਤ ਸਿੰਘ ਬੂਹ, ਸ. ਸੁਰਜੀਤ ਸਿੰਘ ਤੁਗਲਵਾਲ, ਸ. ਸਤਪਾਲ ਸਿੰਘ ਤਲਵੰਡੀ ਭਾਈ, ਸ. ਦਰਸ਼ਨ ਸਿੰਘ ਸ਼ੇਰਖਾਂ, ਸ. ਅਮਰੀਕ ਸਿੰਘ ਸ਼ਾਹਪੁਰ, ਬੀਬੀ ਕਿਰਨਜੋਤ ਕੌਰ, ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ, ਸ. ਸੁਖਵਰਸ਼ ਸਿੰਘ ਪੰਨੂ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਮੀਤ ਸਕੱਤਰ ਸ. ਸ਼ਾਹਬਾਜ਼ ਸਿੰਘ, ਸ. ਹਰਭਜਨ ਸਿੰਘ ਵਕਤਾ, ਸ. ਮਨਜੀਤ ਸਿੰਘ ਤਲਵੰਡੀ, ਸ. ਸੁਖਬੀਰ ਸਿੰਘ, ਖਾਲਸਾ ਕਾਲਜ ਦੇ ਪ੍ਰਿੰਸੀਪਲ ਸ. ਮਹਿਲ ਸਿੰਘ, ਡਾ. ਅਮਰਜੀਤ ਸਿੰਘ, ਸ. ਹਰਦੀਪ ਸਿੰਘ, ਪ੍ਰਿੰਸੀਪਲ ਕੁਲਵਿੰਦਰ ਸਿੰਘ, ਡਾ. ਮੁਹੱਬਤ ਸਿੰਘ, ਡਾ. ਜਸਪਾਲ ਸਿੰਘ, ਪ੍ਰਿੰਸੀਪਲ ਸਵਰਨ ਸਿੰਘ ਤੁਗਲਵਾਲ, ਪ੍ਰਿੰਸੀਪਲ ਮਨਜੀਤ ਕੌਰ, ਇੰਚਾਰਜ ਡਾ. ਜੋਗੇਸ਼ਵਰ ਸਿੰਘ, ਬੀਬੀ ਅਮਰਜੀਤ ਕੌਰ, ਬੀਬੀ ਰਣਜੀਤ ਕੌਰ, ਸ. ਰਾਜਵਿੰਦਰ ਸਿੰਘ ਜੋਗਾ, ਸ. ਕਰਤਾਰ ਸਿੰਘ, ਹੈੱਡ ਪ੍ਰਚਾਰਕ ਭਾਈ ਜਗਦੇਵ ਸਿੰਘ, ਪ੍ਰਿੰ: ਪ੍ਰੀਤ ਕੌਰ ਨਾਗਪਾਲ ਆਦਿ ਮੌਜੂਦ ਸਨ।

### ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਤੇ

# ਕਾਨੂੰਨ ਦੀ ਦੁਰਵਰਤੋਂ ਕਰਕੇ ਨਾਜਾਇਜ਼ ਐਨ ਐਸ ਏ ਲਾਉਣਾ ਸਾਜ਼ਿਸ਼





ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਤੇ ਕਾਨੂੰਨ ਦੀ ਦੁਰਵਰਤੋਂ ਕਰਕੇ ਨਾਜਾਇਜ਼ ਐਨ ਐਸ ਏ ਲਾਈ ਹੋਈ ਆ ਦੂਜੇ ਪਾਸੇ ਸਿੱਖਾਂ ਦਾ ਇਤਿਹਾਸ ਵਿਗਾੜਨ ਦੀ ਕੋਸ਼ਿਸ਼ ਕਰਨ ਵਾਲੀ ਕੰਗਣਾ ਰਨੌਤ ਨੂੰ ਪੁਸਤ ਪਨਾਹੀ ਕਰ ਰਹੀ ਐ ਹਕੂਮਤ ?? ਪ੍ਰਧਾਨ ਸੁਖਬੀਰ ਸਿੰਘ ਬਲਬੇੜਾ ਇਹਨਾਂ ਗੱਲਾਂ ਤੇ ਬੋਲਦਿਆਂ ਸੁਖਬੀਰ ਸਿੰਘ ਬਲਬੇੜਾ ਜਿਲਾ ਪ੍ਰਧਾਨ ਵਾਰਿਸ ਪੰਜਾਬ ਦੇ, ਹੋਰਾਂ ਨੇ ਦੱਸਿਆ ਕਿ ਕੰਗਣਾ ਰਨੌਤ ਜਾਣ ਬੁਝ ਕੇ ਸਿੱਖਾਂ ਦਾ ਇਤਿਹਾਸ ਵਿਗਾੜਨ ਦੀ ਨਾਕਾਮ ਕੋਸ਼ਿਸ਼ ਕਰ ਰਹੀ ਹੈ । ਕੀ ਕੰਗਣਾ ਰਨੌਤ ਨੂੰ ਨਹੀਂ ਪਤਾ ਕਿ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲਿਆ ਨੂੰ ਸਮੂਹ ਸਿੱਖ ਸੰਗਤਾਂ ਕੌਮੀ ਸ਼ਹੀਦ ਮੰਨ ਦੀਆਂ ਹਨ ? ਇਸੇ ਕਰਕੇ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਨੂੰ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਕੌਮੀ ਸ਼ਹੀਦ ਦਾ ਦਰਜਾ ਹਾਸਿਲ ਹੈ । ਸ੍ਰੀ ਅਕਾਲ ਤਖਤ ਸਾਹਿਬ ਦੇ ਖੱਬੇ ਪਾਸੇ 20ਵੀ ਸਦੀ ਦੇ ਮਹਾਨ ਜਰਨੈਲ ਅਤੇ 1984 ਦੇ ਸਮੂਹ ਸਿੰਘ ਸ਼ਹੀਦਾਂ ਦੀ ਯਾਦ ਦੇ ਵਿੱਚ ਯਾਦਗਾਰ ਸਥਾਪਿਤ ਕੀਤੀ ਗਈ ਹੈ । ਕੀ ਕੰਗਣਾ ਰਨੌਤ ਨੂੰ ਨਹੀਂ ਪਤਾ ਸਿੱਖਾਂ ਦੀ ਰਾਜਧਾਨੀ ਸ੍ਰੀ ਅਕਾਲ ਤਖਤ ਸਾਹਿਬ ਜੀ ਦੀ ਰਹਿਨੁਮਾਈ ਹੇਠ ਬਣੇ ਸਿੱਖ ਅਜਾਇਬ ਘਰ ਦੇ ਵਿੱਚ ਮਹਾਨ ਜਰਨੈਲ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਦੀ ਤਸਵੀਰ ਸੁਸ਼ੋਭਿਤ ਕੀਤੀ ਗਈ ਹੈ ? ਕਿਸ ਦੀ ਆਗਿਆ ਨਾਲ ਸਿੱਖਾਂ ਦਾ ਨਿਰਾਦਰ ਕਰਦੇ ਕਿਰਦਾਰ ਫਿਲਮ ਵਿੱਚ ਦਿਖਾਏ ? ਫਿਲਮ ਬਣਾਉਣ ਤੋਂ ਪਹਿਲਾਂ ਸੰਸਾਰ ਭਰ ਚ ਵਸਦੇ ਸਿੱਖਾਂ ਦੀ ਨੁਮਾਇੰਦਗੀ ਕਰਦੇ, ਸਿੱਖਾਂ ਦੀ ਰਾਜਧਾਨੀ ਸ੍ਰੀ ਅਕਾਲ ਤਖਤ ਸਾਹਿਬ ਤੋਂ ਆਗਿਆ ਕਿਉਂ ਨਹੀਂ ਲਈ ਗਈ ?

ਭਾਰਤ ਦੇ ਸੈਂਸਰ ਬੋਰਡ ਦੇ ਵਿੱਚ ਸ੍ਰੀ ਅਕਾਲ ਤਖਤ ਸਾਹਿਬ ਤੋਂ ਮਾਨਤਾ ਜਾਂ ਸ੍ਰੀ ਅਕਾਲ ਤਖਤ ਸਾਹਿਬ ਦੀ ਸਿਫਾਰਿਸ਼ ਤੇ, ਕੋਈ ਵੀ ਸਿੱਖ ਚਿਹਰਾ ਮੈਂਬਰ ਕਿਉਂ ਨਹੀਂ ਬਣਾਇਆ ਗਿਆ ?

ਅੱਗੇ ਬੋਲਦੇ ਹੋਏ ਪ੍ਰਧਾਨ ਸੁਖਬੀਰ ਸਿੰਘ ਬਲਬੇੜਾ ਨੇ ਦੱਸਿਆ ਨਜਾਇਜ਼ ਤਰੀਕੇ ਨਾਲ ਲੋਕਾਂ ਵੱਲੋਂ ਚੁਣੇ ਐਮਪੀ ਨੂੰ ਜੇਲ ਵਿੱਚ ਰੱਖਣਾ ਕਿਹੜੇ ਕਾਨੂੰਨ ਦੇ ਦਾਇਰੇ ਵਿੱਚ ਆਉਂਦਾ ਹੈ ? ਦੂਸਰੀ ਵਾਰ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਤੇ ਐਨ ਐਸ ਏ ਇਕ ਰਣਨੀਤੀ ਦੇ ਤਹਿਤ ਲਗਾਈ ਗਈ ।

ਪ੍ਰਧਾਨ ਸੁਖਬੀਰ ਸਿੰਘ ਬਲਬੇੜਾ ਨੇ ਅੱਗੇ ਬੋਲਦੇ ਹੋਏ ਦੱਸਿਆ ਕਿ ਭਾਰਤੀ ਹਕੂਮਤ ਦੋਗਲੀ ਰਾਜਨੀਤੀ ਕਰਦੀ ਨਜ਼ਰ ਆ ਰਹੀ ਹੈ ਇਹ ਕਿ ਇੱਕ ਪਾਸੇ ਤਾਂ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਤੇ ਦੇਸ਼ ਨੂੰ ਖਤਰਾ ਦਰਸਾ ਕੇ ਐਨਐਸਏ ਲਗਾਈ ਗਈ ਹੈ । ਹਾਲਾਂਕਿ ਜਿਹੜੇ ਲੋਕਾਂ ਨੂੰ ਹਕੂਮਤ ਵੱਲੋਂ ਖਤਰਾ ਦਰਸਾਇਆ ਗਿਆ ਹੈ ਉਹਨਾਂ ਲੋਕਾਂ ਨੇ ਦੋ ਲੱਖ ਤੋਂ ਵੱਧ ਵੋਟਾਂ ਨਾਲ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੂੰ ਆਪਣਾ ਐਮਪੀ ਚੁਣਿਆ । ਉਹਨਾਂ ਲੋਕਾਂ ਨੇ 4 ਲੱਖ ਤੋਂ ਵੱਧ ਵੋਟਾਂ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੂੰ ਪਾਈਆਂ । ਇਸ ਵੇਲੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਲਗਭਗ 20 ਲੱਖ ਲੋਕਾਂ ਦੀ ਕਾਨੂੰਨੀ ਤੌਰ ਤੇ ਨੁਮਾਇੰਦਗੀ ਕਰ ਰਹੇ ਹਨ । ਇਨਾ ਕੁਝ ਹੋਣ ਦੇ ਬਾਵਜੂਦ ਵੀ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਜੇਲ ਦੀ ਕਾਲ ਕੋਠੜੀ ਦੇ ਵਿੱਚ ਨਜਾਇਜ਼ ਤਰੀਕੇ ਨਾਲ ਬੰਦ ਕੀਤੇ ਗਏ ਹਨ ।

ਪ੍ਰਧਾਨ ਸੁਖਬੀਰ ਸਿੰਘ ਬਲਬੇੜਾ ਨੇ ਅੱਗੇ ਬੋਲਦੇ ਹੋਏ ਕਿਹਾ ਕਿ ਆਖਿਰ ਕੰਗਣਾ ਰਨੌਤ ਤੇ ਸਿੱਖਾਂ ਦਾ ਇਤਿਹਾਸ ਵਿਗਾੜਨ ਦੀ ਕੋਸ਼ਿਸ਼ ਕਰਨ ਤੇ ਘੱਟ ਗਿਣਤੀ ਨੂੰ ਟਾਰਗੇਟ ਕਰਨ ਤੇ ਸੰਸਾਰ ਭਰ ਵਿੱਚ ਵਸਦੇ ਸਿੱਖਾਂ ਨੂੰ ਖਤਰੇ ਵਿੱਚ ਪਾਉਣ ਦੇ ਮਨਸੂਬੇ ਨਾਲ ਫਿਲਮ ਬਣਾਉਣ ਤੇ ਆਖਿਰ ਭਾਰਤੀ ਹਕੂਮਤ ਕੰਗਣਾ ਰਨੌਤ ਤੇ ਐਨਐਸਏ ਕਿਉਂ ਨਹੀਂ ਲਗਾਉਂਦੀ ? ਕਾਰਵਾਈ ਕਰਨ ਦੀ ਗੱਲ ਤਾਂ ਦੂਰ, ਹਕੂਮਤ ਵੱਲੋਂ ਕੰਗਣਾ ਰਣੌਤ ਦੀ ਇਨਾਂ ਮਸਲਿਆਂ ਤੇ ਪੁਸਤ ਪਨਾਹੀ ਕਰਨਾ ਦੋਗਲੇ ਸਟੈਂਡ ਦਾ ਹਿੱਸਾ ਹੈ।

**-ਪਰਗਟ ਸਿੰਘ ਬਲਬੇੜਾ , 9815131870**

# ਗੁਰਦੁਆਰਾ ਬੀਬੀ ਕੌਲਾਂ ਜੀ ਕੌਲਸਰ ਸਾਹਿਬ ਵਿਖੇ ਮਹਾਨ ਰੈਣ ਸਬਾਈ ਕੀਰਤਨ ਸਮਾਗਮ ਅੱਜ



**ਚੌਕ ਮਹਿਤਾ, 29 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਭਾਈ ਗੁਰਇਕਬਾਲ ਸਿੰਘ ਜੀ ਬੀਬੀ ਕੌਲਾਂ ਵਾਲੇ ਅਤੇ ਭਾਈ ਅਮਨਦੀਪ ਸਿੰਘ ਜੀ ਬੀਬੀ ਕੌਲਾਂ ਵਾਲਿਆਂ ਵੱਲੋਂ ਸਰਬੱਤ ਦੇ ਭਲੇ ਨੂੰ ਸਮਰਪਿਤ ਮਹਾਨ ਰੈਣ ਸਬਾਈ ਕੀਰਤਨ ਸਮਾਗਮ ਗੁਰੂਦੁਆਰਾ ਬੀਬੀ ਕੌਲਾਂ ਜੀ ਕੋਲਸਰ ਸਾਹਿਬ ਸ੍ਰੀ ਅੰਮ੍ਰਿਤਸਰ ਵਿਖੇ ਮਿਤੀ 31 ਅਗਸਤ ਦਿਨ ਸ਼ਨੀਵਾਰ ਰਾਤ 9 ਵਜੇ ਤੋਂ ਅੰਮ੍ਰਿਤ ਵੇਲੇ 3 ਵਜੇ ਤੱਕ ਹੋਵੇਗਾ। ਸਮਾਗਮ ਵਿਚ ਸਿੱਖ ਪੰਥ ਦੀਆਂ ਮਹਾਨ ਸ਼ਖਸ਼ੀਅਤਾਂ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜਥੇਦਾਰ ਸ੍ਰੀ ਦਮਦਮਾ ਸਾਹਿਬ,ਭਾਈ ਗੁਰਇਕਬਾਲ ਸਿੰਘ ਬੀਬੀ ਕੌਲਾਂ ਵਾਲੇ ,ਭਾਈ ਅਮਨਦੀਪ ਸਿੰਘ ਜੀ ਬੀਬੀ ਕੌਲਾਂ ਵਾਲੇ, ਭਾਈ ਜਸਵਿੰਦਰ ਸਿੰਘ,ਭਾਈ ਗੁਰਚਰਨ ਸਿੰਘ ਕਥਾ ਵਾਚਕ ,ਭਾਈ ਦਵਿੰਦਰ ਸਿੰਘ ਨਿਰਮਾਣ, ਸਟੇਜ ਸੈਕਟਰੀ ਭਾਈ ਵਰਿਆਮ ਸਿੰਘ, ਬਾਬਾ ਦੀਪ ਸਿੰਘ ਗੁਰਮਤਿ ਗਿਆਨ ਸੰਗੀਤ ਅਕੈਡਮੀ ਦੇ ਵਿਦਿਆਰਥੀ, ਅਤੇ ਸੰਤ ਮਹਾਪੁਰਸ਼ ਪਹੁੰਚ ਕੇ ਸੰਗਤਾਂ ਨੂੰ ਸਿੱਖ ਇਤਿਹਾਸ ਨਾਲ ਜੋੜਨਗੇ। ਪੱਤਰਕਾਰਾਂ ਨਾਲ ਗੱਲਬਾਤ ਕਰਦੇ ਭਾਈ ਅਮਨਦੀਪ ਸਿੰਘ ਜੀ ਨੇ ਦੱਸਿਆ ਸਮਾਗਮ ਦੀ ਅਰੰਭਤਾ ਰਾਤ 8 ਵਜੇ ਤੋਂ ਹੋਵੇਗੀ। ਭਾਈ ਸਾਹਿਬ ਨੇ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾਂ ਨੂੰ ਬੇਨਤੀ ਕੀਤੀ ਸਮਾਗਮ ਵਿੱਚ ਵੱਧ ਤੋਂ ਵੱਧ ਪਰਿਵਾਰਾਂ ਸਮੇਤ ਪਹੁੰਚ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ ।ਗੁਰੂ ਕੇ ਲੰਗਰ ਅਤੁੱਟ ਵਰਤਣਗੇ ।ਇਸ ਮੌਕੇ ਭਾਈ ਅਮਤੇਸ਼ਵਰ ਸਿੰਘ, ਭਾਈ ਰੋਬਿਨ ਸਿੰਘ ,ਭਾਈ ਅਵਤਾਰ ਸਿੰਘ ,ਭਾਈ ਸਿਮਰਨਜੀਤ ਸਿੰਘ, ਭਾਈ ਜਸਬੀਰ ਸਿੰਘ, ਭਾਈ ਅਵਤਾਰ ਸਿੰਘ ਹਾਜ਼ਰ ਸਨ ।

# ਬਾਬਾ ਦਰਸ਼ਨ ਸਿੰਘ ਜੀ ਕੁੱਲੀ ਵਾਲਿਆਂ ਦੀ ਬਰਸੀ 1 ਸਤੰਬਰ ਨੂੰ ਮਨਾਈ ਜਾਵੇਗੀ : ਬਾਬਾ ਗੁਰਦੇਵ ਸਿੰਘ



**ਚੌਕ ਮਹਿਤਾ, 30ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਬ੍ਰਹਮ ਗਿਆਨੀ ਸੱਚਖੰਡ ਵਾਸੀ ਸ੍ਰੀ ਮਾਨ ਸੰਤ ਬਾਬਾ ਦਰਸ਼ਨ ਸਿੰਘ ਜੀ ਕੁਲੀ ਵਾਲਿਆ ਦੀ 23 ਵੀਂ ਬਰਸੀ ਬੜੀ ਸ਼ਰਧਾ ਅਤੇ ਭਾਵਨਾ ਨਾਲ ਦੇਸ਼ ਵਿਦੇਸ਼ ਦੀਆਂ ਸੰਗਤਾਂ ਵੱਲੋਂ ਮਨਾਈ ਜਾਵੇਗੀ ਧਾਰਮਿਕ ਪ੍ਰੋਗਰਾਮ ਦੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਬਾਬਾ ਦਰਸ਼ਨ ਸਿੰਘ ਜੀ ਕੁੱਲੀ ਵਾਲਿਆਂ ਦੇ ਮੁੱਖ ਸੇਵਾਦਾਰ ਸੰਤ ਬਾਬਾ ਗੁਰਦੇਵ ਸਿੰਘ ਕੁੱਲੀ ਵਾਲੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੱਜ ਸ੍ਰੀ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹਜੂਰੀ ਅੰਦਰ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਆਰੰਭਤਾ 30 ਅਗਸਤ ਨੂੰ ਕੀਤੀ ਗਈ ਹੈ ਅਤੇ ਭੋਗ ਸ੍ਰੀ ਅਖੰਡ ਪਾਠ ਸਾਹਿਬ ਇਕ ਸਤੰਬਰ ਐਤਵਾਰ ਨੂੰ ਪਾਏ ਜਾਣਗੇ ਭੋਗ ਸ੍ਰੀ ਅਖੰਡ ਪਾਠ ਸਾਹਿਬ ਖੁੱਲੇ ਦੀਵਾਨ ਹਾਲ ਵਿੱਚ ਸਤਿਕਾਰਯੋਗ ਸਿੰਘ ਸਾਹਿਬਾਨ ਤੇ ਸੰਤ ਮਹਾਂਪੁਰਖ ਸਾਢੇ ਤਿੰਨ ਵਜੇ ਤੱਕ ਗੁਰਬਾਣੀ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ ਅੰਮ੍ਰਿਤ ਸੰਚਾਰ ਵੀ ਹੋਵੇਗਾ ਵੱਖ-ਵੱਖ ਸੇਵਾਦਾਰਾਂ ਵੱਲੋਂ ਮੈਡੀਕਲ ਕੈਂਪ ਫਰੀ ਮੈਡੀਕਲ ਕੈਂਪ ਜੂਸ ਸ਼ਬੀਲਾ ਆਦਿ ਦੇ ਲੰਗਰ ਦੀ ਸੇਵਾ ਨਿਭਾਈ ਜਾਵੇਗੀ

# ਜਿਹੜੀ ਫਿਲਮ ਹਿੰਦੂ ਤੇ ਸਿੱਖਾਂ ਦੇ ਵਿੱਚ ਪਾੜ ਪਾਉਂਦੀ ਹੋਵੇ ਉਹ ਪੰਜਾਬ ਚ ਬਿਲਕੁਲ ਨਹੀਂ ਚੱਲੇਗੀ : ਐਮ ਐਲ ਏ ਪਠਾਣਮਾਜਰਾ ਹਲਕਾ ਸਨੌਰ

### ਕੰਗਣਾ ਰਨੌਤ ਦੀ ਐਮਰਜੈਂਸੀ ਫਿਲਮ ਪੰਜਾਬ ਚ ਨਹੀਂ ਚੱਲੇਗੀ : ਐਮਐਲਏ ਪਠਾਣਮਾਜਰਾ ਹਲਕਾ ਸਨੌਰ



ਅੱਜ ਜਦੋਂ ਮੈਂ ਪੱਤਰਕਾਰ ਵਜੋਂ ਨਹੀਂ ਸਿੱਧੇ ਤੌਰ ਤੇ ਇੱਕ ਸਿੱਖ ਹੋਣ ਦੇ ਨਾਤੇ ਆਪਣੇ ਹਲਕੇ ਦੇ ਸਰਕਾਰ ਵੱਲੋਂ ਨੁਮਾਇੰਦੇ ਐਮ ਐਲ ਏ ਹਰਮੀਤ ਸਿੰਘ ਪਠਾਣਮਾਜਰਾ ਨਾਲ ਕੰਗਣਾ ਰਨੌਤ ਦੀ ਫਿਲਮ ਐਮਰਜੈਂਸੀ ਨੂੰ ਲੈ ਕੇ ਰੋਕ ਲਗਾਉਣ ਦੀ ਮੰਗ ਕੀਤੀ । ਨਾਲ ਦੀ ਨਾਲ ਐਮਐਲਏ ਪਠਾਣਮਾਜਰਾ ਨੂੰ ਇਹ ਵੀ ਹਵਾਲਾ ਦਿੱਤਾ ਕਿ ਤੇਲਗਾਨਾ ਦੇ ਮੁੱਖ ਮੰਤਰੀ ਨੇ ਇਸ ਫਿਲਮ ਨੂੰ ਆਪਣੇ ਰਾਜ ਵਿੱਚ ਬੈਨ ਕਰ ਦਿੱਤਾ ਹੈ ਤੁਸੀਂ ਕਿੱਥੇ ਸਟੈਂਡ ਕਰਦੇ ਹੋ ? ਤਾਂ ਐਮ ਐਲ ਏ ਪਠਾਣ ਮਾਜਰਾ ਨੇ ਫੋਨ ਤੇ ਗੱਲਬਾਤ ਕਰਦੇ ਹੋਏ ਬੜੇ ਗੁੱਸੇ ਵਾਲੇ ਲਹਿਜੇ ਵਿੱਚ ਦੱਸਿਆ ਕਿ ਕੰਗਣਾ ਰਨੌਤ ਕਿਸਾਨ ਅੰਦੋਲਨ ਤੋਂ ਲੈ ਕੇ ਹੁਣ ਤੱਕ ਪੰਜਾਬ ਵਿਰੋਧੀ ਬਿਆਨ ਹੀ ਦਿੰਦੀ ਰਹੀ ਐ । ਐਮ ਐਲ ਏ ਪਠਾਣਮਾਜਰਾ ਨੇ ਅੱਗੇ ਬੋਲਦੇ ਹੋਏ ਕਿਹਾ ਕਿ ਕੰਗਣਾ ਰਨੌਤ ਤਾਂ ਪਹਿਲਾਂ ਤੋਂ ਹੀ ਪੰਜਾਬ ਵਿਰੋਧੀ ਹੈ ।

ਉਹਨਾਂ ਨੇ ਇਹ ਵੀ ਕਿਹਾ ਕਿ ਕੰਗਣਾ ਰਨੌਤ ਤਾਂ ਪਹਿਲਾਂ ਤੋਂ ਹੀ ਸਿੱਖਾਂ ਦੀ ਦੁਸ਼ਮਣ ਹੈ ਜਿਹੜੀ ਫਿਲਮ ਪੰਜਾਬ ਦੇ ਵਿੱਚ ਹਿੰਦੂ ਸਿੱਖ ਭਾਈਚਾਰੇ ਲਈ ਖਤਰਾ ਪੈਦਾ ਕਰ ਸਕਦੀ ਹੋਵੇ । ਉਹ ਫਿਲਮ ਪੰਜਾਬ ਵਿੱਚ ਬਿਲਕੁਲ ਨਹੀਂ ਚੱਲੇਗੀ । ਐਮਐਲਏ ਪਠਾਣਮਾਜਰਾ ਨੇ ਅੱਗੇ ਬੋਲਦੇ ਹੋਏ ਕਿਹਾ ਕਿ ਜੋ ਕੇਂਦਰ ਸਰਕਾਰ ਦੇ ਵਿੱਚ ਐਮਪੀ ਹੋਵੇ ਤੇ ਉਹਦਾ ਇਹ ਧਰਮ ਨਹੀਂ ਬਣਦਾ ਕਿ ਆਪਸੀ ਭਾਈਚਾਰਕ ਸਾਂਝ ਤੇ ਧਰਮਾਂ ਦੇ ਵਿੱਚ ਫੁੱਟ ਪਾਵੇ । ਐਮਐਲਏ ਪਠਾਣ ਮਾਜਰਾ ਨੇ ਅੱਗੇ ਬੋਲਦੇ ਹੋਏ ਕਿਹਾ ਕਿ ਕੰਗਣਾ ਰਨੌਤ ਦਾ ਮੈਂਬਰ ਪਾਰਲੀਮੈਂਟ ਤੇ ਅਹੁਦੇ ਦੇ ਬਣੇ ਰਹਿਣ ਦਾ ਵੀ ਕੋਈ ਹੱਕ ਨਹੀਂ ਬਣਦਾ ਅਗਰ ਇਸ ਤਰੀਕੇ ਨਾਲ ਆਪਸੀ ਭਾਈਚਾਰਕ ਸਾਂਝ ਨੂੰ ਤੋੜਨਾ ਹੈ ।

ਉਹ ਫਿਲਮ ਅਸੀਂ ਪੰਜਾਬ ਦੇ ਵਿੱਚ ਬਿਲਕੁਲ ਵੀ ਚੱਲਣ ਨਹੀਂ ਦਿਆਂਗੇ। ਉਨਾਂ ਨੇ ਬੜੇ ਗੁੱਸੇ ਦੇ ਲਹਿਜੇ ਵਿੱਚ ਕਿਹਾ ਕਿ ਪੰਜਾਬ ਦੇ ਕਿਸੇ ਵੀ ਸ਼ਹਿਰ ਦੇ ਵਿੱਚ ਕੰਗਣਾ ਰਨੌਤ ਦੀ ਐਮਰਜੈਂਸੀ ਫਿਲਮ ਨਹੀਂ ਚੱਲੇਗੀ । ਇਹ ਸਾਰੀ ਜਾਣਕਾਰੀ ਐਮਐਲਏ ਪਠਾਣ ਮਾਜਰਾ ਨੇ ਮੇਰੇ ਨਾਲ ਫੋਨ ਤੇ ਗੱਲਬਾਤ ਕਰਨ ਦੌਰਾਨ ਦਿੱਤੀ।

**-ਪਰਗਟ ਸਿੰਘ ਬਲਬੇੜਾ, 9022000070**

### ਸੁਖਬੀਰ ਬਾਦਲ ਨੂੰ ਤਨਖਾਹੀਆ ਐਲਾਨਣ ਦੀ ਪ੍ਰਕਿਰਿਆ ’ਚੋਂ

# ਖ਼ਾਲਸਾ ਪੰਥ ਦੀ ਰਾਏ ਮਨਫੀ, ਜਥੇਦਾਰਾਂ ਦੀ ਪਰਖ ਦੀ ਘੜੀ ਅਜੇ ਬਾਕੀ : ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ



**ਅੰਮ੍ਰਿਤਸਰ, 30 ਅਗਸਤ (ਆਵਾਜ਼ਿ ਕੌਮ ਬਿਊਰੋ)**-ਸੁਖਬੀਰ ਸਿੰਘ ਬਾਦਲ ਨੂੰ ਪੰਜ ਸਿੰਘ ਸਾਹਿਬਾਨਾਂ ਵੱਲੋਂ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਤਨਖਾਹੀਆ ਕਰਾਰ ਦੇਣ ਦੇ ਮਾਮਲੇ ’ਤੇ ਗੱਲਬਾਤ ਕਰਦਿਆਂ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਜਥੇਦਾਰਾਂ ਦੀ ਪਰਖ ਦੀ ਘੜੀ ਅਜੇ ਬਾਕੀ ਹੈ। ਉਹਨਾਂ ਕਿਹਾ ਕਿ ਚਾਹੀਦਾ ਤਾਂ ਇਹ ਹੈ ਕਿ ਸੁਖਬੀਰ ਸਿੰਘ ਬਾਦਲ ਨੂੰ ਉਸ ਦੇ ਗੁਨਾਹਾਂ, ਗਲਤੀਆਂ, ਪਾਪਾਂ ਤੇ ਜ਼ੁਲਮਾਂ ਕਰਕੇ ਖਾਲਸਾ ਪੰਥ ਵਿੱਚੋਂ ਤੁਰੰਤ ਖਾਰਜ ਕੀਤਾ ਜਾਵੇ ਤਾਂ ਜੋ ਭਵਿੱਖ ਵਿੱਚ ਕੋਈ ਅਜਿਹਾ ਗੁਨਾਹ ਨਾ ਕਰ ਸਕੇ। ਉਹਨਾਂ ਕਿਹਾ ਕਿ ਜੇਕਰ ਜਥੇਦਾਰ ਹੁਣ ਸੁਖਬੀਰ ਸਿੰਘ ਬਾਦਲ ਵਿਰੁੱਧ ਸਖਤ ਫੈਸਲਾ ਲੈ ਲੈਂਦੇ ਹਨ ਤਾਂ ਇਸ ਨਾਲ ਸ੍ਰੀ ਅਕਾਲ ਤਖਤ ਸਾਹਿਬ ਦੀ ਪ੍ਰਭੂਸੱਤਾ ਅਤੇ ਜਥੇਦਾਰਾਂ ਦਾ ਸਤਿਕਾਰ ਕਾਇਮ ਰਹੇਗਾ। ਉਹਨਾਂ ਕਿਹਾ ਕਿ ਜਥੇਦਾਰਾਂ ਤੋਂ ਖਾਲਸਾ ਪੰਥ ਨੂੰ ਕੋਈ ਬਹੁਤੀ ਆਸ ਨਹੀਂ ਸੀ ਪਰ ਫਿਰ ਵੀ ਸੁਖਬੀਰ ਸਿੰਘ ਬਾਦਲ ਨੂੰ ਤਨਖਾਹੀਆ ਕਰਾਰ ਦੇਣਾ ਸਹੀ ਦਿਸ਼ਾ ਵਿੱਚ ਪਹਿਲਾ ਕਦਮ ਹੈ, ਪਰ ਜਥੇਦਾਰ ਸਾਹਿਬਾਨ ਦੀ ਅਸਲ ਪਰਖ ਓਸ ਮੌਕੇ ਹੋਵੇਗੀ ਜਦ ਤਨਖਾਹ ਲਾਉਣੀ ਪਵੇਗੀ ਕਿਉਂਕਿ ਤਨਖਾਹ ਐਲਾਨਣ ਦੀ ਪ੍ਰਕਿਰਿਆ ਵਿੱਚੋਂ ਖਾਲਸਾ ਪੰਥ ਦੀ ਰਾਇ ਮਨਫੀ ਹੈ। ਕੀ ਪੰਜ ਸਿੰਘ ਸਾਹਿਬਾਨ ਖ਼ਾਲਸਾ ਪੰਥ ਦੇ ਲਟ ਲਟ ਬਲ਼ਦੇ ਜਜ਼ਬਾਤ ਦੀ ਸਹੀ ਤਰਜ਼ਮਾਨੀ ਕਰ ਸਕਣਗੇ ? ਸੁਖਬੀਰ ਸਿੰਘ ਬਾਦਲ ਤੇ ਹੋਰ ਅਕਾਲੀ ਆਗੂਆਂ ਦੇ ਗੁਨਾਹ ਐਨੇ ਵੱਡੇ ਹਨ ਕਿ ਖ਼ਾਲਸਾ ਪੰਥ ਨੂੰ ਸਮਝ ਹੀ ਨਹੀਂ ਆ ਰਿਹਾ ਕਿ ਜਥੇਦਾਰ ਕਿਵੇਂ ਸਿੱਖ ਫ਼ਲਸਫ਼ੇ ਅਤੇ ਸਿੱਖ ਇਤਿਹਾਸ ਵਿੱਚ ਤਾਲਮੇਲ ਬਿਠਾਉਣਗੇ ? ਇਸ ਮੌਕੇ ਧੀਰਜਵਾਨ ਅਤੇ ਸੰਵੇਦਨਸ਼ੀਲ ਹੋਣ ਦੀ ਲੋੜ ਹੈ ਤਾਂ ਕਿ ਭਵਿੱਖ ਉੱਜਵਲ ਹੋ ਸਕੇ ਤੇ ਨਿਰਾਸ਼ਾ ਦੇ ਆਲਮ ਵਿੱਚ ਵਾਧਾ ਰੁਕ ਸਕੇ। ਸੁਖਬੀਰ ਸਿੰਘ ਬਾਦਲ ਅਤੇ ਹੋਰ ਗੁ.ਨਾਹਗਾਰ ਆਗੂਆਂ ਨੂੰ ਲੱਗਣ ਵਾਲ਼ੀ ਤਨਖਾਹ ਨੂੰ ਸਜ਼ਾ ਦੱਸਣ ਵਾਲੇ ਸਿੱਖ ਵਿਰੋਧੀ ਲੋਕਾਂ ਤੋਂ ਸਾਵਧਾਨ ਰਹਿਣ ਦੀ ਲੋੜ ਹੈ। ਖ਼ਾਲਸਾ ਪੰਥ ਇਨਸਾਫ਼ ਕਰਦਾ ਹੈ, ਸ੍ਰੀ ਅਕਾਲ ਤਖ਼ਤ ਸਾਹਿਬ ਸਜ਼ਾ ਦੇਣ ਵਾਲ਼ਾ ਥਾਣਾ ਜਾਂ ਦੁਨਿਆਵੀ ਕਚਹਿਰੀ ਨਹੀਂ। ਸਿੰਘ ਸਾਹਿਬਾਨ ਨੂੰ ਸਿੱਖ ਫ਼ਲਸਫ਼ੇ ਤੇ ਸਿੱਖ ਇਤਿਹਾਸ ਦੇ ਨਾਲ ਨਾਲ ਸਿੱਖ ਜਜ਼ਬਾਤਾਂ ਦਾ ਪੂਰਾ ਧਿਆਨ ਰੱਖਣਾ ਪੈਣਾ ਹੈ। ਸੋ ਤਨਖਾਹ ਤੋਂ ਪਹਿਲਾਂ ਖ਼ਾਲਸਾ ਪੰਥ ਦੀ ਰਾਇ ਸ਼ਾਮਲ ਕੀਤੀ ਜਾਵੇ। ਉਹਨਾਂ ਕਿਹਾ ਕਿ ਸੁਖਬੀਰ ਬਾਦਲ ਬਾਰੇ ਫੈਸਲਾ ਲੈਣ ਤੋਂ ਪਹਿਲਾਂ ਜਥੇਦਾਰਾਂ ਨੂੰ ਚਾਹੀਦਾ ਹੈ ਕਿ ਉਹ ਪੰਥਕ ਇਕੱਤਰਤਾ ਬੁਲਾਉਣ ਅਤੇ ਪੰਥਕ ਜਥੇਬੰਦੀਆਂ, ਸੰਪਰਦਾਵਾਂ, ਸੰਸਥਾਵਾਂ ਅਤੇ ਸ਼ਖਸੀਅਤਾਂ ਦੇ ਵਿਚਾਰ ਸੁਣਨ ਤੇ ਸਾਂਝੀ ਰਾਏ ਬਣਾ ਕੇ ਸੁਖਬੀਰ ਬਾਦਲ ਵਿਰੁੱਧ ਠੋਸ ਸਟੈਂਡ ਲਿਆ ਜਾਵੇ। ਉਹਨਾਂ ਕਿਹਾ ਕਿ ਜੇਕਰ ਜਥੇਦਾਰਾਂ ਨੇ ਸੁਖਬੀਰ ਸਿੰਘ ਬਾਦਲ ਨੂੰ ਆਮ ਹੀ ਤਨਖਾਹ ਲਾ ਕੇ ਛੱਡ ਦਿੱਤਾ ਤਾਂ ਖਾਲਸਾ ਪੰਥ ਇਹ ਫੈਸਲਾ ਮਨਜ਼ੂਰ ਨਹੀਂ ਕਰੇਗਾ ਤੇ ਜਥੇਦਾਰਾਂ ਦਾ ਵੀ ਭਾਰੀ ਵਿਰੋਧ ਹੋਵੇਗਾ। ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਜਥੇਬੰਦੀ ਵੱਲੋਂ ਇਹ ਮੰਗ ਫਿਰ ਦੁਹਰਾਈ ਕਿ ਸੁਖਬੀਰ ਸਿੰਘ ਬਾਦਲ ਨੂੰ ਖਾਲਸਾ ਪੰਥ ਵਿੱਚੋਂ ਛੇਕਿਆ ਜਾਵੇ, ਉਸ ਨੂੰ ਅਕਾਲੀ ਦਲ ਦਾ ਪ੍ਰਧਾਨ ਬਣਨ, ਗੁਰਦੁਆਰਿਆਂ ਦਾ ਪ੍ਰਬੰਧ ਸੰਭਾਲਣ ਅਤੇ ਪੰਥਕ ਸਿਆਸਤ ਕਰਨ ਦਾ ਕੋਈ ਅਧਿਕਾਰ ਨਹੀਂ ਹੈ। ਉਹਨਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਦੇ ਪਿਤਾ ਮਰਹੂਮ ਪ੍ਰਕਾਸ਼ ਸਿੰਘ ਬਾਦਲ ਨੂੰ ਜਥੇਦਾਰਾਂ ਵੱਲੋਂ ਦਿੱਤਾ ਫ਼ਖ਼ਰ ਏ ਕੌਮ ਤੇ ਪੰਥ ਰਤਨ ਖ਼ਿਤਾਬ ਵੀ ਵਾਪਸ ਲਿਆ ਜਾਵੇ। ਉਹਨਾਂ ਕਿਹਾ ਕਿ ਜਿਹੜੇ ਲੋਕ ਮਰਹੂਮ ਪ੍ਰਕਾਸ਼ ਸਿੰਘ ਬਾਦਲ ਅਤੇ ਸੁਖਬੀਰ ਸਿੰਘ ਬਾਦਲ ਦੇ ਗੁਨਾਹਾਂ ਉੱਤੇ ਪਰਦੇ ਪਾਉਂਦੇ ਸਨ, ਪੰਥਕ ਗੁਰਸਿੱਖਾਂ ਨੂੰ ਕਾਂਗਰਸੀ ਆਖਦੇ ਸਨ, ਹੁਣ ਸੁਖਬੀਰ ਸਿੰਘ ਬਾਦਲ ਨੂੰ ਤਨਖਾਹੀਆ ਕਰਾਰ ਦਿੱਤੇ ਜਾਣ ’ਤੇ ਉਹਨਾਂ ਸਾਰੇ ਝੋਲੀਚੁੱਕਾਂ ਨੂੰ ਚੱਪਣੀ ਵਿੱਚ ਨੱਕ ਡੋਬ ਕੇ ਮਰ ਜਾਣਾ ਚਾਹੀਦਾ ਹੈ।

**ਗੁਨਾਹਾਂ, ਗਲਤੀਆਂ ਤੇ ਜ਼ੁਲਮਾਂ ਕਰਕੇ ਸੁਖਬੀਰ ਬਾਦਲ ਨੂੰ ਪੰਥ ’ਚੋਂ ਖਾਰਜ ਕੀਤਾ ਜਾਏ : ਭਾਈ ਰਣਜੀਤ ਸਿੰਘ**

### ਖਾਲਸਾ ਕਾਲਜ ਮਹਿਤਾ

# ਬੀ.ਸੀ.ਏ ਦੂਸਰੇ ਸਮੈਸਟਰ ਦਾ ਸ਼ਾਨਦਾਰ ਨਤੀਜਾ




**ਚੌਕ ਮਹਿਤਾ, 30 ਅਗਸਤ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿੱਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਮਹਿਤਾ ਚੌਂਕ ਦੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਸ੍ਰੀ ਅੰਮ੍ਰਿਤਸਰ ਵੱਲੋਂ ਐਲਾਨੇ ਗਏ ਬੀ.ਸੀ.ਏ ਦੂਸਰੇ ਸਮੈਸਟਰ ਦੇ ਨਤੀਜੇ 100% ਰਹੇ। ਜਿਸ ਵਿੱਚ ਨਵਨੀਤ ਕੌਰ 84%, ਚਾਂਦਨੀ, ਸ਼ਬਨਮ ਕੌਰ 79%, ਪਲਕਪ੍ਰੀਤ ਕੌਰ, ਅਨਮੋਲਪ੍ਰੀਤ ਕੌਰ ਤੇ ਜਸ਼ਨਪ੍ਰੀਤ ਸਿੰਘ 75% ਕ੍ਰਮਵਾਰ ਅੰਕ ਪ੍ਰਾਪਤ ਕਰਕੇ ਪਹਿਲੇ, ਦੂਜੇ ਤੇ ਤੀਜੇ ਸਥਾਨ ਹਾਸਲ ਕਰਕੇ ਆਪਣੇ ਮਾਪਿਆਂ ਅਤੇ ਕਾਲਜ ਦਾ ਮਾਨ ਵਧਾਇਆ। ਇਸ ਮੌਕੇ ਖੁਸ਼ੀ ਜ਼ਾਹਿਰ ਕਰਦੇ ਹੋਏ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ ਨੇ ਵਿਦਿਆਰਥੀਆਂ ਦਾ ਮੂੰਹ ਮਿੱਠਾ ਕਰਵਾਇਆ ਅਤੇ ਉਹਨਾਂ ਦੇ ਉਜਵਲ ਭਵਿੱਖ ਦੀ ਕਾਮਨਾ ਕਰਦੇ ਹੋਏ ਕਿਹਾ ਕਿ ਸੰਸਥਾ ਹਮੇਸ਼ਾ ਇਸੇ ਯਤਨ ਵਿੱਚ ਰਹਿੰਦੀ ਹੈ ਕਿ ਵਿਦਿਆਰਥੀਆਂ ਨੂੰ ਅਜਿਹੀ ਵਿਦਿਅਕ ਸਿਖਲਾਈ ਦਿੱਤੀ ਜਾਵੇ ਜਿਸ ਨਾਲ ਉਹ ਵਰਤਮਾਨ ਸਮੇਂ ਦੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਦੇ ਕਾਬਲ ਬਣ ਸਕਣ ਅਤੇ ਆਧੁਨਿਕ ਮੁਕਾਬਲੇ ਵਾਲੇ ਯੁੱਗ ਵਿੱਚ ਆਪਣੀ ਨਿਵੇਕਲੀ ਪਹਿਚਾਣ ਬਣਾ ਸਕਣ ਅਤੇ ਨਾਲ ਹੀ ਉਹਨਾਂ ਨੇ ਆਪਣੇ ਕਾਲਜ ਦੇ ਮਿਹਨਤੀ ਅਤੇ ਕਾਬਲ ਅਧਿਆਪਕਾਂ ਦਾ ਧੰਨਵਾਦ ਕੀਤਾ। ਇਸ ਸੁਨਹਿਰੀ ਮੌਕੇ ਤੇ ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾਂ, ਪ੍ਰਿੰਸੀਪਲ ਡਾ. ਜਤਿੰਦਰ ਸ਼ਰਮਾ, ਕਾਲਜ ਸੁਪਰਡੈਂਟ ਕੁਲਦੀਪ ਕੌਰ, ਸੁਖਦੇਵ ਸਿੰਘ, ਗੁਰਸ਼ਰਨਪ੍ਰੀਤ ਕੌਰ, ਕੁਲਜੀਤ ਕੌਰ, ਪੂਰਤੀ ਸ਼ਰਮਾ, ਰੇਨੂਕਾ, ਮਨਜੀਤ ਕੌਰ, ਗੁਰਵਿੰਦਰ ਕੌਰ, ਰੁਪਿੰਦਰ ਕੌਰ, ਸੁਪ੍ਰੀਤ ਕੌਰ, ਨਵਨੀਤ ਕੌਰ, ਸੁਖਮਨਪ੍ਰੀਤ ਕੌਰ ਅਤੇ ਕਾਬਲ ਸਿੰਘ ਆਦਿ ਨੇ ਵਿਦਿਆਰਥੀਆਂ ਤੇ ਮਾਪਿਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# 31 ਅਗਸਤ ਨੂੰ ਕੌਮੀ ਸ਼ਹੀਦ ਭਾਈ ਦਿਲਾਵਰ ਸਿੰਘ ਦੇ ਸ਼ਹੀਦੀ ਸਮਾਗਮ ’ਚ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਪੁੱਜਣ ਸੰਗਤਾਂ : ਭਾਈ ਰਣਜੀਤ ਸਿੰਘ ਦਮਦਮੀ ਟਕਸਾਲ



**ਅੰਮ੍ਰਿਤਸਰ, 30 ਅਗਸਤ (ਆਵਾਜ਼ਿ ਕੌਮ ਬਿਊਰੋ)**-ਸਿੱਖ ਪ੍ਰਚਾਰਕ, ਪੰਥਕ ਲੇਖਕ ਅਤੇ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਸੰਗਤਾਂ ਨੂੰ ਅਪੀਲ ਕੀਤੀ ਹੈ ਕਿ 31 ਅਗਸਤ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ’ਤੇ ਕੌਮੀ ਸ਼ਹੀਦ ਭਾਈ ਦਿਲਾਵਰ ਸਿੰਘ ਜੀ ਦੇ ਸ਼ਹੀਦੀ ਸਮਾਗਮ ਵਿੱਚ ਹੁੰਮ-ਹੁਮਾ ਕੇ ਪੁੱਜੋ। ਉਹਨਾਂ ਕਿਹਾ ਕਿ ਭਾਈ ਦਿਲਾਵਰ ਸਿੰਘ ਨੇ ਮਨੁੱਖੀ ਬੰਬ ਬਣ ਕੇ ਅਜੋਕੇ ਜ਼ਕਰੀਆ ਖਾਂ ਭਾਵ ਪੰਜਾਬ ਦੇ ਮੁੱਖ ਮੰਤਰੀ ਬੁੱਚੜ ਬੇਅੰਤ ਸਿਹੁੰ ਨੂੰ ਬੰਬ ਨਾਲ ਉਡਾ ਕੇ ਉਸ ਦੇ ਚੀਥੜੇ ਚੀਥੜੇ ਕਰ ਦਿੱਤੇ ਤੇ ਇਸ ਐਕਸ਼ਨ ਵਿੱਚ ਭਾਈ ਦਿਲਾਵਰ ਸਿੰਘ ਨੇ ਆਪਾ ਕੌਮ ਲਈ ਕੁਰਬਾਨ ਕਰਦਿਆਂ ਸ਼ਹਾਦਤ ਪ੍ਰਾਪਤ ਕੀਤੀ। ਉਹਨਾਂ ਕਿਹਾ ਕਿ ਜੇਕਰ ਅੱਜ ਸਾਡੇ ਸਿਰਾਂ ਉੱਤੇ ਦਸਤਾਰਾਂ ਸ਼ੋਭਦੀਆਂ ਹਨ ਤਾਂ ਇਹ ਸ਼ਹੀਦ ਭਾਈ ਦਿਲਾਵਰ ਸਿੰਘ ਜੀ ਦੀ ਦੇਣ ਹੈ। ਉਹਨਾਂ ਕਿਹਾ ਕਿ ਮੁੱਖ ਮੰਤਰੀ ਬੇਅੰਤ ਸਿਹੁੰ ਜੋ 25 ਹਜ਼ਾਰ ਸਿੱਖ ਨੌਜਵਾਨਾਂ ਦੇ ਝੂਠੇ ਪੁਲਿਸ ਮੁਕਾਬਲਿਆਂ ਦਾ ਦੋਸ਼ੀ ਸੀ, ਭਾਈ ਦਿਲਾਵਰ ਸਿੰਘ ਨੇ ਝੂਠੇ ਪੁਲੀਸ ਮੁਕਾਬਲੇ ਅਤੇ ਸਿੱਖ ਕੌਮ ਦੀ ਨਸਲਕੁਸ਼ੀ ਬੰਦ ਕਰਵਾਈ। ਉਹਨਾਂ ਕਿਹਾ ਕਿ ਭਾਈ ਦਿਲਾਵਰ ਸਿੰਘ ਜੀ ਦੀ ਤਸਵੀਰ ਕੇਂਦਰੀ ਸਿੱਖ ਅਜਾਇਬ ਘਰ ਵਿੱਚ ਲਗਵਾਉਣ ਲਈ ਸਿੱਖ ਯੂਥ ਫੈਡਰੇਸ਼ਨ ਭਿੰਡਰਾਂਵਾਲਾ ਅਤੇ ਸਮੁੱਚੀਆਂ ਪੰਥਕ ਜਥੇਬੰਦੀਆਂ ਨੇ ਲੰਬਾ ਸੰਘਰਸ਼ ਕੀਤਾ ਸੀ। ਉਹਨਾਂ ਕਿਹਾ ਕਿ ਭਾਈ ਦਿਲਾਵਰ ਸਿੰਘ ਦੇ ਭਰਾ ਸ. ਚਮਕੌਰ ਸਿੰਘ ਨੂੰ ਖਾਲਸਾ ਪੰਥ ਵੱਲੋਂ ਸਨਮਾਨ ਕਰਕੇ ਅਸੀਂ ਫ਼ਖ਼ਰ ਮਹਿਸੂਸ ਕਰਦੇ ਹਾਂ। ਉਹਨਾਂ ਕਿਹਾ ਕਿ ਸ਼ਹੀਦ ਭਾਈ ਦਿਲਾਵਰ ਸਿੰਘ ਅਤੇ ਉਹਨਾਂ ਦੇ ਸਾਥੀ ਜਥੇਦਾਰ ਭਾਈ ਜਗਤਾਰ ਸਿੰਘ ਹਵਾਰਾ, ਭਾਈ ਜਗਤਾਰ ਸਿੰਘ ਤਾਰਾ, ਭਾਈ ਪਰਮਜੀਤ ਸਿੰਘ ਭਿਓਰਾ, ਭਾਈ ਬਲਵੰਤ ਸਿੰਘ ਰਾਜੋਆਣਾ, ਭਾਈ ਗੁਰਮੀਤ ਸਿੰਘ ਇੰਜੀਨੀਅਰ, ਭਾਈ ਲਖਵਿੰਦਰ ਸਿੰਘ ਨਾਰੰਗਵਾਲ, ਭਾਈ ਸ਼ਮਸ਼ੇਰ ਸਿੰਘ ਆਦਿ ਸਿੰਘਾਂ ਦੀ ਕੁਰਬਾਨੀ ਨੂੰ ਅਸੀਂ ਪ੍ਰਣਾਮ ਕਰਦੇ ਹਾਂ।

# ਡਾ: ਮਨਜੀਤ ਸਿੰਘ ਰਟੌਲ ਸੀਨੀਅਰ ਮੈਡੀਕਲ ਅਫਸਰ ਝਬਾਲ ਨਿਯੁਕਤ



**ਚੌਕ ਮਹਿਤਾ, 30 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਡਾਕਟਰ ਮਨਜੀਤ ਸਿੰਘ ਰਟੌਲ ਨੇ ਸੀਨੀਅਰ ਮੈਡੀਕਲ ਅਫਸਰ ਝਬਾਲ, ਜਿਲ੍ਹਾ ਤਰਨ ਤਾਰਨ ਦਾ ਅਹੁਦਾ ਸੰਭਾਲਿਆ ਇਸ ਮੌਕੇ ਤੇ ਇੰਪਲਾਈਜ ਵੈਲਫੇਅਰ ਐਸੋਸੀਏਸ਼ਨ ਪੰਜਾਬ ਦੇ ਚੇਅਰਮੈਨ ਪੰਡਿਤ ਰਾਕੇਸ਼ ਸ਼ਰਮਾ, ਸਟੇਟ ਪ੍ਰਧਾਨ ਅਚਾਰੀਆ ਗੁਰੂ ਮੀਤ, ਸਕੱਤਰ ਸੰਜੀਵ ਆਨੰਦ ਸੀਨੀਅਰ ਚੀਫ਼ ਫਾਰਮੇਸੀ ਅਫ਼ਸਰ, ਜ਼ਿਲ੍ਹਾ ਪ੍ਰਧਾਨ ਰਘੂ ਤਲਵਾੜ, ਫੂਡ ਕਮਿਸ਼ਨਰ ਸ੍ਰੀ ਰਜਿੰਦਰਪਾਲ ਸਿੰਘ, ਡਾਕਟਰ ਮਦਨ ਮੋਹਨ ਸੇਵਾ ਮੁਕਤ ਐਸ ਐੱਮ ਓ, ਪ੍ਰਧਾਨ ਸੁਮੀਤ ਸ਼ਰਮਾਂ, ਸਤਨਾਮ ਸਿੰਘ ਫੂਡ ਸੇਫਟੀ ਅਫਸਰ, ਸੰਜੀਵ ਕੁਮਾਰ ਸੁਪਰਡੇਂਟ ਆਦਿ ਹਾਜ਼ਿਰ ਸਨ। ਇੰਪਲਾਈਜ ਵੈਲਫੇਅਰ ਐਸੋਸੀਏਸ਼ਨ ਪੰਜਾਬ ਨੇ ਵਿਸ਼ਵਾਸ ਦਵਾਇਆ ਕਿ ਐਸੋਸੀਏਸ਼ਨ ਹਰ ਚੰਗੇ ਕੰਮ ਲਈ ਸੀਨੀਅਰ ਮੈਡੀਕਲ ਅਫਸਰ ਡਾਕਟਰ ਮਨਜੀਤ ਸਿੰਘ ਰਟੌਲ ਦਾ ਦਿਲੋਂ ਸਾਥ ਦੇਵੇਗੀ। ਇਸ ਮੌਕੇ ਤੇ ਡਾਕਟਰ ਮਨਜੀਤ ਸਿੰਘ ਰਟੌਲ ਐਸ ਐਮ ਓ ਨੂੰ ਵਧਾਈ ਦਿੱਤੀ।

# ਡਾ: ਕਿਰਨਜੀਤ ਕੌਰ ਸਿਵਲ ਸਰਜਨ ਅੰਮ੍ਰਿਤਸਰ ਨਿਯੁਕਤ



**ਚੌਕ ਮਹਿਤਾ, 30 ਅਗਸਤ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਡਾਕਟਰ ਕਿਰਨਜੀਤ ਕੌਰ ਨੇ ਸਿਵਲ ਸਰਜਨ ਅੰਮ੍ਰਿਤਸਰ ਦਾ ਅਹੁਦਾ ਸੰਭਾਲਿਆ ਇਸ ਮੌਕੇ ਤੇ ਇੰਪਲਾਈਜ ਵੈਲਫੇਅਰ ਐਸੋਸੀਏਸ਼ਨ ਪੰਜਾਬ ਦੇ ਚੇਅਰਮੈਨ ਪੰਡਿਤ ਰਾਕੇਸ਼ ਸ਼ਰਮਾ, ਸਟੇਟ ਪ੍ਰਧਾਨ ਅਚਾਰੀਆ ਗੁਰੂ ਮੀਤ, ਸਕੱਤਰ ਸੰਜੀਵ ਆਨੰਦ ਸੀਨੀਅਰ ਚੀਫ਼ ਫਾਰਮੇਸੀ ਅਫ਼ਸਰ, ਜ਼ਿਲ੍ਹਾ ਪ੍ਰਧਾਨ ਰਘੂ ਤਲਵਾੜ, ਫੂਡ ਕਮਿਸ਼ਨਰ ਸ੍ਰੀ ਰਜਿੰਦਰਪਾਲ ਸਿੰਘ, ਡਾਕਟਰ ਮਦਨ ਮੋਹਨ ਸੇਵਾ ਮੁਕਤ ਐਸ ਐੱਮ ਓ, ਪ੍ਰਧਾਨ ਸੁਮੀਤ ਸ਼ਰਮਾਂ, ਸਤਨਾਮ ਸਿੰਘ ਫੂਡ ਸੇਫਟੀ ਅਫਸਰ, ਸਹਾਇਕ ਸਿਵਲ ਸਰਜਨ ਡਾਕਟਰ ਰਜਿੰਦਰਪਾਲ ਕੌਰ, ਰਾਜੀਵ ਕੁਮਾਰ, ਸੰਜੀਵ ਕੁਮਾਰ, ਦਲਜੀਤ ਸਿੰਘ ਸਾਰੇ ਸੁਪਰਡੇਂਟ, ਕਮਲਜੀਤ ਕੌਰ ਮੇਟਰਨ ਆਦਿ ਹਾਜ਼ਿਰ ਸਨ ਇੰਪਲਾਈਜ ਵੈਲਫੇਅਰ ਐਸੋਸੀਏਸ਼ਨ ਪੰਜਾਬ ਨੇ ਵਿਸ਼ਵਾਸ ਦਿਵਾਇਆ ਕਿ ਐਸੋਸੀਏਸ਼ਨ ਹਰ ਚੰਗੇ ਕੰਮ ਲਈ ਸਿਵਲ ਸਰਜਨ ਅੰਮ੍ਰਿਤਸਰ ਦਾ ਤਨ ਮਨ ਨਾਲ ਸਾਥ ਹੈ। ਇਸ ਮੌਕੇ ਤੇ ਡਾਕਟਰ ਕਿਰਨਜੀਤ ਕੌਰ ਸਿਵਲ ਸਰਜਨ ਅੰਮ੍ਰਿਤਸਰ ਨੂੰ ਵਧਾਈ ਦਿੱਤੀ।

### ਕੰਗਨਾ ਰਣੌਤ ਦੀ ਫਿਲਮ ਐਮਰਜੈਂਸੀ ਦੇ ਵਿਰੁੱਧ

# ਸਿੱਖ ਜਥੇਬੰਦੀਆਂ ਦਿੱਤੇ ਮੰਗ ਪੱਤਰ

ਫ਼ਿਰੋਜ਼ਪੁਰ, 30 ਅਗਸਤ (ਮਨੋਹਰ ਲਾਲ) :— ਫਿਲਮੀ ਐਕਟਰ ਕੰਗਨਾ ਰਣੌਤ ਵੱਲੋਂ ਬਣਾਈ ਐਮਰਜੈਂਸੀ ਫ਼ਿਲਮ ਦੇ ਵਿਰੋਧ ਵਿਚ ਅੱਜ ਲਖਬੀਰ ਸਿੰਘ ਮਹਾਲਮ ਪ੍ਰਧਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਪੰਜਾਬ ਦੀ ਅਗਵਾਈ ਹੇਠ ਸਿੱਖ ਜਥੇਬੰਦੀਆਂ ਦੇ ਆਗੂਆਂ ਵੱਲੋਂ ਗ੍ਰਹਿ ਮੰਤਰੀ ਭਾਰਤ ਸਰਕਾਰ ਅਤੇ ਮੁੱਖ ਮੰਤਰੀ ਪੰਜਾਬ ਸਰਕਾਰ ਦੇ ਨਾਮ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਮੰਗ ਪੱਤਰ ਦਿੱਤੇ ਗਏ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਲਖਬੀਰ ਸਿੰਘ ਮਹਾਲਮ ਤੇ ਸਾਥੀਆਂ ਨੇ ਕਿਹਾ ਕਿ ਕੰਗਨਾ ਰਣੌਤ ਦੀ ਐਮਰਜੈਸੀ ਫਿਲਮ ਜ਼ੋ ਕਿ 6 ਸਤੰਬਰ 2024 ਨੂੰ ਰਿਲੀਜ਼ ਕੀਤੀ ਜਾ ਰਹੀ ਹੈ, ਇਸ ਫਿਲਮ ਵਿਚ ਕੰਗਨਾ ਰਣੌਤ ਅਤੇ ਡਾਇਰੈਕਟਰ ਨੇ ਸਾਡੇ ਸਿੱਖ ਸ਼ਹੀਦਾਂ ਨੂੰ ਗਲਤ ਤਰੀਕੇ ਨਾਲ ਪੇਸ਼ ਕੀਤਾ ਹੈ। ਉਨ੍ਹਾਂ ਕਿਹਾ ਕਿ ਸੰਤ ਜਰਨੈਲ ਸਿੰਘ ਜੀ ਭਿਡਰਾਂਵਾਲੇ ਨੂੰ ਖਾਲਿਸਤਾਨੀ ਦਾ ਰੌਲ ਗਲਤ ਢੰਗ ਨਾਲ ਪੇਸ਼ ਕਰਕੇ ਸਾਡੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਈ ਗਈ ਹੈ, ਇਸ ਫਿਲਮ ਵਿਚ ਦੰਗੇ ਭੜਕਾਉਣ ਦੇ ਕਈ ਰੋਲ ਦਿਖਾਏ ਗਏ ਹਨ। ਉਨ੍ਹਾਂ ਕਿਹਾ ਕਿ ਇਹ ਐਕਟਰ ਕਿਸਾਨੀ ਧਰਨਾਕਾਰੀਆਂ, ਕਿਸਾਨਾਂ ਅਤੇ ਪੰਜਾਬੀਆਂ ਖਿਲਾਫ ਹਮੇਸ਼ਾ ਹੀ ਗਲਤ ਬੋਲਦੀ ਆ ਰਹੀ ਹੈ, ਸਿੱਖ ਜਥੇਬੰਦੀਆਂ ਵੱਲੋਂ ਉਕਤ ਐਕਟਰ ਖਿਲਾਫ ਮੁਕੱਦਮਾ ਦਰਜ ਕਰਕੇ ਐਮਰਜੈਂਸੀ ਬਾਬਤ ਬਣੀ ਫਿਲਮ ਜ਼ੋ 6 ਸਤੰਬਰ ਨੂੰ ਰਿਲੀਜ ਕੀਤੀ ਜਾ ਰਹੀ ਹੈ ਤੇ ਤੁਰੰਤ ਰੋਕ ਲਗਾਈ ਜਾਵੇ। ਗੱਲਬਾਤ ਕਰਦਿਆਂ ਸਿੱਖ ਜਥੇਬੰਦੀਆਂ ਦੇ ਆਗੂਆਂ ਨੇ ਕਿਹਾ ਕਿ ਇਸ ਤੋਂ ਇਲਾਵਾ ਵਡਭਾਗ ਸਿੰਘ ਦੇ ਜਨਮ ਮੌਕੇ ਮਿਤੀ 02.09.2024 ਨੂੰ ਪਿੰਡ ਸੋਢੀਵਾਲਾ ਬਲਾਕ ਜ਼ੀਰਾ ਅਤੇ ਹੋਰ ਕਈ ਜਗ੍ਹਾ ਤੇ ਸ੍ਰੀ ਦਰਬਾਰ ਸਾਹਿਬ ਦੇ ਕੀਰਤਨੀ ਜਥੇ ਕੀਰਤਨ ਕਰਨ ਲਈ ਪਹੁੰਚ ਰਹੇ ਹਨ, ਜ਼ੋ ਕਿ ਸਿੱਖ ਸੰਗਤਾਂ ਵਿਚ ਕਾਫੀ ਰੋਸ ਪਾਇਆ ਜਾ ਰਿਹਾ ਹੈ, ਸੋ ਸਿੱਖ ਜਥੇਬੰਦੀਆਂ ਵੱਲੋਂ ਮੁੱਖ ਜਥੇਦਾਰ ਐਸ.ਜੀ.ਪੀ.ਸੀ ਅੰਮ੍ਰਿਤਸਰ ਨੂੰ ਮੰਗ ਪੱਤਰ ਭੇਜਿਆ ਗਿਆ ਤੇ ਕੀਰਤਨੀ ਜਥੇ ਨੂੰ ਵਡਭਾਗ ਸਿੰਘ ਦੇ ਜਨਮ ਮੌਕੇ ਕੀਰਤਨ ਕਰਨ ਤੇ ਰੋਕ ਲਗਾਈ ਜਾਵੇ। ਇਸ ਮੌਕੇ ਜਗਤਾਰ ਸਿੰਘ ਫ਼ਿਰੋਜ਼ਪੁਰ, ਬਲਕਾਰ ਸਿੰਘ ਫ਼ਿਰੋਜ਼ਪੁਰ, ਗੁਰਪ੍ਰੀਤ ਸਿੰਘ ਬਹਿਕਾਂ, ਸੁਖਦੇਵ ਸਿੰਘ ਸਰਪੰਚ ਮਹਾਲਮ, ਮੰਗਲ ਸਿੰਘ ਮਹਾਲਮ, ਜਗਤਾਰ ਸਿੰਘ ਮਹਾਲਮ, ਹਰਪ੍ਰੀਤ ਸਿੰਘ ਮਾਣੇਵਾਲਾ, ਜਗਸੀਰ ਸਿੰਘ ਮਾਣੇਵਾਲਾ, ਸੇਵਾ ਸਿੰਘ, ਮਨਿੰਦਰਪਾਲ ਸਿੰਘ ਮਾਣੇਵਾਲਾ, ਸ਼ਿੰਦਰ ਸਿੰਘ ਮਹਾਲਮ, ਅਮਰਜੀਤ ਸਿੰਘ ਮਹਾਲਮ, ਬਲਦੇਵ ਸਿੰਘ ਮਹਾਲਮ, ਜਗਤਾਰ ਸਿੰਘ ਖਾਲਸਾ, ਜਗਤਾਰ ਸਿੰਘ ਮੱਲਾਂਵਾਲਾ, ਬਲਵਿੰਦਰ ਸਿੰਘ ਜੈਮਲਵਾਲਾ, ਬਲਦੇਵ ਸਿੰਘ ਮਹਾਲਮ, ਹਰਪਾਲ ਸਿੰਘ ਮੱਖੂ, ਬਲਕਾਰ ਸਿੰਘ, ਜਗਤਾਰ ਸਿੰਘ, ਗੁਰਪ੍ਰੀਤ ਸਿੰਘ, ਗੁਰਸੀਸ ਸਿੰਘ ਮਖੂ, ਜ਼ਸਪਾਲ ਸਿੰਘ ਮਹਾਲਮ, ਸੁਖਦੇਵ ਸਿੰਘ ਸਾਬਕਾ ਸਰਪੰਚ ਮਹਾਲਮ ਅਤੇ ਹੋਰ ਵੀ ਸਿੱਖ ਆਗੂ ਹਾਜ਼ਰ ਸਨ।





ਆਵਾਜ਼ਿ ਕੌਮ AWAZE QAUM International Newspaper & WEB TV

### ਹਰਪਾਲ ਸਿੰਘ ਭੁੱਲਰ ਦੀ

# ਤਸਵੀਰ ਵਾਲੀ ਸ਼ੀਲਡ ਨਾਲ ਕੀਤਾ ਸਨਮਾਨਿਤ

ਫ਼ਿਰੋਜ਼ਪੁਰ, 30 ਅਗਸਤ (ਮਨੋਹਰ ਲਾਲ) :— ਵਿਸ਼ਵ ਭਾਈ ਮਰਦਾਨਾ ਸੁਸਾਇਟੀ ਦੇ ਪ੍ਰਧਾਨ ਹਰਪਾਲ ਸਿੰਘ ਭੁੱਲਰ ਦੀ ਤਸਵੀਰ ਵਾਲੀ ਸ਼ੀਲਡ ਦੇ ਕੇ ਸੁਸਾਇਟੀ ਅਹੁਦੇਦਾਰਾਂ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਮੌਕੇ ਬੋਲਦਿਆਂ ਜਗਜੀਤ ਸਿੰਘ ਭੁੱਲਰ ਨੇ ਕਿਹਾ ਕਿ ਸ: ਹਰਪਾਲ ਸਿੰਘ ਭੁੱਲਰ ਹਮੇਸ਼ਾ ਹੀ ਆਪਣੇ ਮੈਂਬਰਾਂ ਅਤੇ ਸਾਥੀਆਂ ਨੂੰ ਨਾਲ ਲੈ ਕੇ ਚੱਲਦੇ ਸਨ, ਮੈਂ ਵੀ ਸਾਰੇ ਸਤਿਕਾਰਯੋਗ ਅਹੁਦੇਦਾਰਾਂ ਅਤੇ ਮੈਂਬਰਾਂ ਨੂੰ ਨਾਲ ਲੈ ਕੇ ਉਨ੍ਹਾਂ ਦੇ ਜ਼ੋ ਕੰਮ ਅਧੂਰੇ ਰਹਿ ਗਏ ਸਨ, ਉਨ੍ਹਾਂ ਨੂੰ ਪੂਰਾ ਕਰਾਂਗਾ। ਸ੍ਰੀ ਜਗਜੀਤ ਸਿੰਘ ਭੁੱਲਰ ਨੇ ਕਿਹਾ ਕਿ ਜਦੋਂ 1993 ਵਿਚ ਵਿਸ਼ਵ ਭਾਈ ਮਰਦਾਨਾ ਸੁਸਾਇਟੀ ਬਣੀ ਸੀ, ਉਦੋਂ ਸ: ਹਰਪਾਲ ਸਿੰਘ ਭੁੱਲਰ ਦੀ ਉਮਰ 44 ਸਾਲ ਸੀ ਅਤੇ ਅੱਜ ਕੁਦਰਤੀ ਮੇਰੀ ਉਮਰ ਵੀ 44 ਸਾਲ ਹੀ ਹੈ। ਮੈਂ ਸਾਰੇ ਸੁਸਾਇਟੀ ਦੇ ਮੈਂਬਰਾਂ ਦਾ ਜਿਨ੍ਹਾਂ ਵਿਚ ਸਰਬਜੀਤ ਸਿੰਘ ਛਾਬੜਾ, ਸੋਹਣ ਸਿੰਘ, ਜਤਿੰਦਰ ਸਿੰਘ, ਸਵਰਨ ਸਿੰਘ, ਮੋਹਨ ਸਿੰਘ, ਤਰਲੋਕ ਸਿੰਘ, ਹਰਜੀਤ ਸਿੰਘ, ਹਰਜੀਤ ਸਿੰਘ ਧਾਰੀਵਾਲ, ਗੁਰਵਿੰਦਰ ਸਿੰਘ ਵਿਰਕ, ਬਲਦੇਵ ਸਿੰਘ ਮੇਹਰੋ, ਪਰਮਜੀਤ ਸਿੰਘ ਪੰਮਾ, ਰਣਬੀਰ ਸਿੰਘ ਰਾਣਾ, ਰਾਜੇਸ਼ ਕੁਮਾਰ, ਪ੍ਰਿੰਸ, ਬਲਜਿੰਦਰ ਸਿੰਘ ਬੱਬੂ, ਬਲਦੇਵ ਹਾਂਡਾ ਆਦਿ ਦਾ ਧੰਨਵਾਦ ਕਰਦਾ ਹੈ, ਇਨ੍ਹਾਂ ਦੇ ਸਹਿਯੋਗ ਨਾਲ ਹੀ ਸਾਰੇ ਕੰਮ ਕਰਾਂਗੇ।



ਆਵਾਜ਼ਿ ਕੌਮ AWAZE QAUM International Newspaper & WEB TV

# ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਨੇ ਮੇਜਰ ਧਿਆਨ ਚੰਦ ਦੇ ਜਨਮ ਦਿਹਾੜੇ ਨੂੰ ਸਮਰਪਿਤ ਕਰਵਾਏ ਖੇਡ ਮੁਕਾਬਲੇ




ਫ਼ਿਰੋਜ਼ਪੁਰ, 30 ਅਗਸਤ (ਮਨੋਹਰ ਲਾਲ) :— ਮੋਗਾ ਰੋਡ 'ਤੇ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਜੋ ਕਿ ਚੇਅਰਮੈਨ ਡਾ: ਹੀਰਾ ਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਜਨਰਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੀ ਦੇਖ—ਰੇਖ ਹੇਠ ਚੱਲ ਰਿਹਾ ਹੈ। ਸਕੂਲ ਵਿੱਚ ਮੇਜਰ ਧਿਆਨ ਚੰਦ ਦੇ ਜਨਮ ਦਿਨ ਨੂੰ ਸਮਰਪਿਤ ਰਾਸ਼ਟਰੀ ਖੇਡ ਦਿਵਸ ਮਨਾਇਆ ਗਿਆ ਅਤੇ ਇਸ ਦੌਰਾਨ ਸਕੂਲੀ ਵਿਦਿਆਰਥੀਆਂ ਨੇ ਬਹੁਤ ਹੀ ਉਤਸ਼ਾਹ ਨਾਲ ਖੇਡਾਂ ਵਿੱਚ ਸ਼ਿਰਕਤ ਕਰਕੇ ਆਪੋ—ਆਪਣੀ ਖੇਡ ਭਾਵਨਾ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਵਿਦਿਆਰਥੀਆਂ ਨੇ ਮੇਜਰ ਧਿਆਨਚੰਦ ਜੀ ਦੇ ਜੀਵਨ ਅਤੇ ਹਾਕੀ ਦੀ ਖੇਡ ਵਿੱਚ ਉਨ੍ਹਾਂ ਦੀਆਂ ਪ੍ਰਾਪਤੀਆਂ ਬਾਰੇ ਆਪਣੇ ਵਿਚਾਰ ਪੇਸ਼ ਕੀਤੇ, ਜਿਸ ਉਪਰੰਤ ਸਕੂਲੀ ਬੱਚਿਆਂ ਦੇ ਵੱਖ—ਵੱਖ ਤਰ੍ਹਾਂ ਦੇ ਇਨਡੋਰ ਖੇਡਾਂ ਦੇ ਮੁਕਾਬਲੇ ਕਰਵਾਏ ਗਏ। ਸਕੂਲ ਪ੍ਰਿੰਸੀਪਲ ਰੇਖਾ ਪਾਸੀ ਨੇ ਵਿਦਿਆਰਥੀਆਂ ਨੂੰ ਖੇਡ ਦਿਵਸ ਦੀ ਮਹੱਤਤਾ ਅਤੇ ਇਸ ਦਿਵਸ ਨੂੰ ਮਨਾਉਣ ਬਾਰੇ ਜਾਣੂ ਕਰਵਾਇਆ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਵਿਦਿਆਰਥੀ ਜੀਵਨ ਵਿੱਚ ਪੜ੍ਹਾਈ ਦੇ ਨਾਲ—ਨਾਲ ਖੇਡਾਂ ਦੀ ਮਹੱਤਤਾ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਖੇਡਾਂ ਸਾਡੇ ਸਰੀਰਕ ਅਤੇ ਮਾਨਸਿਕ ਵਿਕਾਸ ਵਿੱਚ ਸਹਾਈ ਹੁੰਦੀਆਂ ਹਨ, ਇਸ ਲਈ ਬੱਚਿਆਂ ਨੂੰ ਪੜ੍ਹਾਈ ਦੇ ਨਾਲ—ਨਾਲ ਖੇਡਾਂ ਵਿੱਚ ਵੀ ਵੱਧ ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ। ਅੰਤ ਵਿੱਚ ਉਨ੍ਹਾਂ ਨੇ ਖੇਡ ਮੁਕਾਬਲਿਆਂ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁਭ ਕਾਮਨਾਵਾਂ ਦਿੱਤੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

# ਬਾਬਾ ਮੀਰਸ਼ਾਹ, ਬਾਬਾ ਅਮੀਰ ਸ਼ਾਹ ਦਾ ਮੇਲਾ ਪਿੰਡ ਯਾਰੇਸ਼ਾਹ ਵਿਖੇ ਮਨਾਇਆ, ਜਿਸ ਵਿਚ ਡਾਕਟਰਾਂ ਦੀਆਂ ਟੀਮਾਂ ਨੇ ਮਰੀਜਾਂ ਦਾ ਚੈਕਅਪ ਕਰਕੇ ਮੁਫਤ ਦਿੱਤੀਆਂ ਦਵਾਈਆਂ





**ਫ਼ਿਰੋਜ਼ਪੁਰ, 30 ਅਗਸਤ (ਮਨੋਹਰ ਲਾਲ)** :— ਬਾਬਾ ਮੀਰਸ਼ਾਹ ਦਾ ਮੇਲਾ ਪਿੰਡ ਯਾਰੇਸ਼ਾਹ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਡਾਕਟਰਾਂ ਦੀਆਂ ਟੀਮਾਂ ਜਿਨ੍ਹਾਂ ਵਿਚ ਡਾ: ਸੰਜੀਵ ਸ਼ਰਮਾ, ਡਾ: ਅਮਰੀਕ ਸਿੰਘ ਨੇ ਤਕਰੀਬਨ 250 ਮਰੀਜਾਂ ਦਾ ਚੈਕਅਪ ਕਰਕੇ ਦਵਾਈਆਂ ਦਿੱਤੀਆਂ। ਇਹ ਮੇਲਾ ਹਰ ਸਾਲ ਬਾਬਾ ਮੀਰਸ਼ਾਹ, ਬਾਬਾ ਅਮੀਰਸ਼ਾਹ ਦੀ ਸਮਾਧ ਤੇ ਲਾਇਆ ਜਾਂਦਾ ਹੈ। ਇਸ ਮੌਕੇ ਤੇ ਡਾ: ਸੰਜੀਵ ਸ਼ਰਮਾ ਨੇ ਦੱਸਿਆ ਕਿ ਭਾਵੇਂ ਕਿ ਲੋਕ ਮੇਲੇ ਵਿਚ ਆਉਂਦੇ ਹਨ, ਅਸੀਂ 250 ਮਰੀਜਾਂ ਦਾ ਚੈਕਅਪ ਕੀਤਾ ਹੈ ਅਤੇ ਸਾਰੇ ਹੀ ਮਰੀਜਾਂ ਨੂੰ ਹਰ ਤਰ੍ਹਾਂ ਦੀ ਬਿਮਾਰੀ ਜਿਵੇਂ ਕਿ ਬੁਖਾਰ, ਖਾਂਸੀ, ਪੇਟ ਵਿਚ ਦਰਦ ਅਤੇ ਟਾਈਫਾਈਡ ਬੁਖਾਰ ਸੀ ਭਾਵੇਂ ਕਿ ਇਸ ਗਰਮੀ ਦੇ ਮੌਸਮ ਵਿਚ ਬਹੁਤ ਗਰਮੀ ਪਈ ਹੈ, ਜਿਸ ਨਾਲ ਕਾਫੀ ਲੋਕ ਬਿਮਾਰੀ ਦੇ ਸ਼ਿਕਾਰ ਹੋਏ ਹਨ। ਡਾ: ਸੰਜੀਵ ਸ਼ਰਮਾ ਨੇ ਅੱਗੇ ਦੱਸਿਆ ਕਿ ਸਾਨੂੰ ਵੱਧ ਤੋਂ ਵੱਧ ਰੁੱਖ ਲਗਾਉਣੇ ਚਾਹੀਦੇ ਹਨ ਤਾਂ ਜ਼ੋ ਸਾਨੂੰ ਗਰਮੀ ਤੋਂ ਰਾਹਤ ਮਿਲ ਸਕੇ, ਕਿਉਂਕਿ ਪੰਜਾਬ ਵਿਚ ਲੱਖਾਂ ਨਹੀਂ ਕਰੋੜਾਂ ਦੀ ਤਦਾਦ ਵਿਚ ਰੁੱਖ ਕੱਟੇ ਜਾ ਰਹੇ ਹਨ। ਡਾ: ਸੰਜੀਵ ਸ਼ਰਮਾ ਨੇ ਅੱਗੇ ਕਿਹਾ ਕਿ ਸਰਕਾਰ ਨੂੰ ਚਾਹੀਦਾ ਹੈ ਕਿ ਦਰੱਖਤ ਪੁਟਣ ਤੇ ਬੈਨ ਲਾਇਆ ਜਾਵੇ ਅਤੇ ਪੰਜਾਬ ਵਿਚ ਵੱਧ ਤੋਂ ਵੱਧ ਰੁੱਖ ਲਾਉਣ ਦੀ ਸਰਕਾਰ ਹਦਾਇਤ ਕਰੇ ਤਾਂ ਜ਼ੋ ਵਾਤਾਵਰਣ ਸ਼ੁੱਧ ਹੋ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


SOUTHALL
ਆਵਾਜ਼ਿ ਕੌਮ
AWAZE QAUM
International Newspaper & WEB TV
ਅੰਮ੍ਰਿਤ ਸੰਚਾਰ
AMRIT SANCHAR
SATURDAY 31ST AUGUST AT 12PM
GURDWARA SRI GURU SINGH SABHA
2-8 PARK AVE, SOUTHALL, UB1 3AG
ਕੇਸੀ ਇਸ਼ਨਾਨ ਕਰਕੇ ਪਹੁੰਚੋ । ਕੱਕਾਰ ਉਪਲਬਧ ਹੋਣਗੇ
ARRIVE AFTER DOING FULL KESI ISHNAAN
(BODY & HAIR WASH)
CONTACT 07940 270 120 FOR MORE DETAILS

### ਜਥੇਦਾਰ ਦਾਦੂਵਾਲ ਹਰਿਆਣਾ ਕਮੇਟੀ ਧਰਮ ਪ੍ਰਚਾਰ ਅਤੇ

# ਕਾਨੂੰਨੀ ਵਿੰਗ ਦੇ ਦੁਬਾਰਾ ਬਣੇ ਚੇਅਰਮੈਨ



**ਸਿਰਸਾ, 30 ਅਗਸਤ (ਆਵਾਜ਼ਿ ਕੌਮ ਬਿਊਰੋ)**-ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਦਫਤਰ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਕੁਰੁਕਸ਼ੇਤਰ ਵਿਖੇ ਅੱਜ ਅੰਤ੍ਰਿੰਗ ਕਮੇਟੀ ਦੀ ਮੀਟਿੰਗ ਹੋਈ ਜਿਸ ਵਿੱਚ ਜਥੇਦਾਰ ਭੁਪਿੰਦਰ ਸਿੰਘ ਅਸੰਧ ਪ੍ਰਧਾਨ,ਸੁਦਰਸ਼ਨ ਸਿੰਘ ਅੰਬਾਲਾ ਸੀਨੀਅਰ ਮੀਤ ਪ੍ਰਧਾਨ,ਬੀਬੀ ਰਵਿੰਦਰ ਕੌਰ ਅਜਰਾਨਾ ਜੂਨੀਅਰ ਮੀਤ ਪ੍ਰਧਾਨ,ਸੁਖਵਿੰਦਰ ਸਿੰਘ ਮੰਡੇਬਰ ਜਨਰਲ ਸਕੱਤਰ,ਗੁਲਾਬ ਸਿੰਘ ਮੂਨਕ ਮੀਤ ਸਕੱਤਰ, ਛੇ ਅੰਤ੍ਰਿੰਗ ਮੈਂਬਰ ਜਥੇਦਾਰ ਬਲਜੀਤ ਸਿੰਘ ਦਾਦੂਵਾਲ,ਤਰਵਿੰਦਰ ਪਾਲ ਸਿੰਘ ਅੰਬਾਲਾ,ਜਗਸੀਰ ਸਿੰਘ ਮਾਂਗੇਆਣਾ,ਗੁਰਪ੍ਰਸਾਦ ਸਿੰਘ ਫਰੀਦਾਬਾਦ,ਬੀਬੀ ਪਰਮਿੰਦਰ ਕੌਰ ਜੀਂਦ,ਪਰਮਜੀਤ ਸਿੰਘ ਕੁਰੁਕਸ਼ੇਤਰ ਹਾਜ਼ਰ ਸਨ ਅੰਤ੍ਰਿੰਗ ਕਮੇਟੀ ਵੱਲੋਂ ਗੁਰਦੁਆਰਾ ਸਾਹਿਬ ਪ੍ਰਬੰਧਾਂ ਦੇ ਗੁਰਮਤੇ ਪਾਸ ਕੀਤੇ ਗਏ ਜਿਸ ਵਿੱਚ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੂੰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਅਤੇ ਕਾਨੂੰਨੀ ਵਿੰਗ ਦੇ ਚੇਅਰਮੈਨ ਦੀ ਮੁੜ ਸੇਵਾ ਜੈਕਾਰਿਆਂ ਦੀ ਗੂੰਜ ਵਿੱਚ ਸੌਂਪੀ ਗਈ ਪ੍ਰਧਾਨ ਜਥੇਦਾਰ ਭੁਪਿੰਦਰ ਸਿੰਘ ਅਸੰਧ ਜੀ ਨੇ ਆਖਿਆ ਕੇ ਜਥੇਦਾਰ ਦਾਦੂਵਾਲ ਜੀ ਨੇ ਪਿਛਲੇ ਥੋੜੇ ਸਮੇਂ ਅੰਦਰ ਧਰਮ ਪ੍ਰਚਾਰ ਦੀਆਂ ਵੱਡੀਆਂ ਸੇਵਾਵਾਂ ਕੀਤੀਆਂ ਹਨ ਜਿਸ ਨੂੰ ਮੱਦੇ ਨਜ਼ਰ ਰੱਖਦਿਆਂ ਸਰਬਸੰਮਤੀ ਦੇ ਨਾਲ ਮੁੜ ਇਹ ਸੇਵਾਵਾਂ ਜਥੇਦਾਰ ਦਾਦੂਵਾਲ ਜੀ ਨੂੰ ਸੌਂਪੀਆਂ ਜਾ ਰਹੀਆਂ ਹਨ ਜਥੇਦਾਰ ਦਾ ਦਾਦੂਵਾਲ ਜੀ ਨੇ ਗੁਰੂ ਦਾ ਸ਼ੁਕਰਾਨਾ ਅਤੇ ਹਰਿਆਣਾ ਕਮੇਟੀ ਦੇ ਸਮੂੰਹ ਅਹੁਦੇਦਾਰ ਮੈਂਬਰ ਸਾਹਿਬਾਨਾਂ ਦਾ ਧੰਨਵਾਦ ਕਰਦਿਆਂ ਕਿਹਾ ਕ ਹਰਿਆਣਾ ਕਮੇਟੀ ਵੱਲੋਂ ਬਖਸ਼ੀਆਂ ਸੇਵਾਵਾਂ ਦਿੱਤੀਆਂ ਗਈਆਂ ਸੇਵਾਵਾਂ ਨੂੰ ਤਨਦੇਹੀ ਦੇ ਨਾਲ ਪਹਿਲਾਂ ਦੀ ਤਰ੍ਹਾਂ ਨਿਭਾਇਆ ਜਾਵੇਗਾ ਤੇ ਧਰਮ ਪ੍ਰਚਾਰ ਪ੍ਰਸਾਰ ਨੂੰ ਹੋਰ ਪ੍ਰਚੰਡ ਕਰਨ ਲਈ ਯਤਨ ਕੀਤੇ ਜਾਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

### ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਪਠਾਨਕੋਟ ਵੱਲੋਂ ਮਾਨਯੋਗ ਸੀ .ਜੀ .ਐਮ ਜੱਜ ਸਾਹਿਬਾਨ ਰੁਪਿੰਦਰ ਨੇ

# ਆਦਰਸ਼ ਬ੍ਰਿਧ ਆਸ਼ਰਮ ਦਾ ਕੀਤਾ ਦੌਰਾ

**ਪਠਾਨਕੋਟ,30 ਅਗਸਤ ( ਆਵਾਜ਼ਿ ਕੌਮ ਬਿਊਰੋ )**-ਬਜ਼ੁਰਗਾਂ ਦਾ ਵਿਹੜਾ ਆਦਰਸ਼ ਬਿਰਧ ਆਸ਼ਰਮ ਝਾਖੋਲਾਹੜੀ ਪਠਾਨਕੋਟ ਵਿੱਚ ਜ਼ਿਲਾਂ ਕਾਨੂੰਨੀ ਸੇਵਾਵਾਂ ਅਥਾਰਟੀ ਪਠਾਨਕੋਟ ਵੱਲੋਂ ਜੱਜ ਸਾਹਿਬਾਨ ਮਾਨਯੋਗ ਸੀ ਜੀ ਐਮ ਰੁਪਿੰਦਰ ਜੀ ਨੇ ਕੀਤਾ ਦੌਰਾ। ਇਸ ਮੌਕੇ ਤੇ ਉਹਨਾਂ ਨੇ ਬ੍ਰਿਧ ਘਰ ਵਿੱਚ ਰਹਿ ਰਹੇ ਬਜ਼ੁਰਗਾਂ ਨਾਲ ਦੁੱਖ ਸਾਂਝੇ ਕੀਤੇ ਉਹਨਾਂ ਦਾ ਹਾਲ ਚਾਲ ਜਾਣਿਆ ।ਅਤੇ ਉਹਨਾਂ ਨੂੰ ਕਿਹਾ ਕਿ ਜੇਕਰ ਕਿਸੇ ਨੇ ਵੀ ਕੋਈ ਆਪਣੇ ਬੱਚਿਆਂ ਉੱਪਰ ਕਾਨੂੰਨੀ ਕਾਰਵਾਈ ਕਰਨੀ ਹੈ ਜਾਂ ਕਿਸੇ ਨੂੰ ਕਿਸੇ ਵੀ ਤਰ੍ਹਾਂ ਦੀ ਕੋਈ ਸਮੱਸਿਆ ਹੈ। ਤਾਂ ਤੁਸੀਂ ਸਾਡੇ ਨਾਲ ਗੱਲ ਕਰ ਸਕਦੇ ਹੋ। ਅਸੀਂ ਤੁਹਾਡੀ ਮੁਫ਼ਤ ਬਣਦੀ ਕਾਨੂੰਨੀ ਸਹਾਇਤਾ ਜਰੂਰ ਕਰਾਂਗੇ। ਇਸ ਵਿੱਚ ਤੁਹਾਡਾ ਕੋਈ ਵੀ ਪੈਸਾ ਨਹੀਂ ਲੱਗੇਗਾ। ਇਸਦੇ ਨਾਲ ਉਹਨਾਂ ਨੇ ਆਸ਼ਰਮ ਸੁਪਰਡੈਂਟ ਮੈਡਮ ਮਿਸ ਅੰਜਲੀ ਸ਼ਰਮਾ ਹੁਣਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਜੇਕਰ ਕੋਈ ਬਜ਼ੁਰਗ ਸਾਡੀ ਸਹਾਇਤਾ ਲੈਣਾ ਚਾਹੁੰਦਾ ਹੈ ।ਤਾਂ ਉਸਨੂੰ ਸਾਡੇ ਵੱਲੋਂ ਕਾਨੂੰਨ ਸਹਾਇਤਾ ਮੁਫਤ ਦਿੱਤੀ ਜਾਵੇਗੀ ਇਹਨਾਂ ਦਾ ਕੋਈ ਵੀ ਖਰਚਾ ਨਹੀਂ ਹੋਵੇਗਾ ਇਹ ਆਪਣੇ ਕਿਸੇ ਵੀ ਕੰਮ ਨੂੰ ਜੋ ਸੁਲਝਾਉਣ ਵਾਲਾ ਹੈ ਕਾਨੂੰਨੀ ਤਰੀਕੇ ਨਾਲ ਸੁਲਝਾ ਸਕਦੇ ਹਨ ਅਸੀਂ ਇਹਨਾਂ ਦੀ ਪੂਰੀ ਮਦਦ ਕਰਾਂਗੇ। ਉਹਨਾਂ ਨੇ ਇਹ ਵੀ ਕਿਹਾ ਕਿ ਕਈ ਵਾਰ ਬਜ਼ੁਰਗ ਸਾਡੇ ਨਾਲ ਗੱਲ ਖੁੱਲ ਕੇ ਨਹੀਂ ਕਰਦੇ ਤੁਸੀਂ ਇਹਨਾਂ ਨਾਲ ਗੱਲ ਕਰਕੇ ਸਾਨੂੰ ਦੱਸੋ ਜੋ ਇਹਨਾਂ ਨੂੰ ਸਹਾਇਤਾ ਚਾਹੀਦੀ ਹੈ ਅਸੀਂ ਜਰੂਰ ਇਹਨਾਂ ਦੀ ਮਦਦ ਕਰਾਂਗੇ। ਇਸ ਦੇ ਨਾਲ ਹੀ ਉਹਨਾਂ ਨੇ ਬ੍ਰਿਧ ਘਰ ਵਿੱਚ ਰਹਿ ਰਹੇ ਬ੍ਰਿਧ ਮਾਂ ਬਾਪ ਨੂੰ ਹੌਸਲਾ ਦਿੰਦੇ ਹੋਏ ਕਿਹਾ ਕਿ ਜੋ ਕੁੱਝ ਵੀ ਤੁਹਾਡੇ ਨਾਲ ਹੋਇਆ ਤੁਸੀਂ ਉਸਨੂੰ ਭੁੱਲ ਜਾਓ ।ਅਤੇ ਪਰਮਾਤਮਾ ਦਾ ਸ਼ੁਕਰ ਕਰਿਆ ਕਰੋ ਜਿਨਾਂ ਨੇ ਤੁਹਾਡੇ ਲਈ ਇੱਕ ਦਰਵਾਜ਼ਾ ਬੰਦ ਕੀਤਾ ਅਤੇ ਦੂਸਰਾ ਦਰਵਾਜ਼ਾ ਖੋਲ ਦਿੱਤਾ ਜੋ ਕੁਝ ਵੀ ਤੁਹਾਡੇ ਨਾਲ ਹੋਇਆ ਹੈ ਇਹ ਪਹਿਲਾਂ ਦਾ ਹੀ ਲਿਖਿਆ ਹੋਇਆ ਹੈ ਇਸ ਨੂੰ ਕੋਈ ਟਾਲ ਨਹੀਂ ਸਕਦਾ ਇਸ ਤਰ੍ਹਾਂ ਹੌਸਲਾ ਦਿੰਦੇ ਹੋਏ ਉਹਨਾਂ ਨੇ ਕਿਹਾ ਕਿ ਤੁਸੀਂ ਹੁਣ ਇਥੇ ਖੁਸ਼ੀ ਖੁਸ਼ੀ ਆਪਣਾ ਜੀਵਨ ਬਤੀਤ ਕਰੋ ਇਥੇ ਪਰਮਾਤਮਾ ਦਾ ਸਿਮਰਨ ਕਰਿਆ ਕਰੋ ।ਅਸੀਂ ਆਪ ਜੀ ਦੇ ਹੀ ਬੱਚੇ ਹਾਂ। ਇਸ ਮੌਕੇ ਤੇ ਆਸ਼ਰਮ ਸਮੂਹ ਸਟਾਫ ਮੌਜੂਦ ਸੀ



### 7 ਕਰੋੜ 32 ਲੱਖ ਰੁਪਏ ਦੀ ਲਾਗਤ ਨਾਲ ਬਣਾਈ ਜਾ ਰਹੀ ਕਾਨਵਾਂ ਤੋਂ ਫਰੀਦਾਨਗਰ ਸੜਕ ਦੇ

# ਨਿਰਮਾਣ ਕਾਰਜ ਦਾ ਅੱਜ ਕੀਤਾ ਗਿਆ ਅਰੰਭ : ਲਾਲ ਚੰਦ ਕਟਾਰੂਚੱਕ

**ਪਠਾਨਕੋਟ , 30 ਅਗਸਤ (ਆਵਾਜ਼ਿ ਕੌਮ ਬਿਊਰੋ)**-ਅੱਜ ਦਾ ਦਿਨ ਬਹੁਤ ਹੀ ਭਾਗਾਂਭਰਿਆਂ ਹੈ ਕਿ ਅੱਜ ਵਿਧਾਨ ਸਭਾ ਹਲਕਾ ਭੋਆ ਨੂੰ ਦੋ ਸੜਕਾਂ ਦਾ ਨਿਰਮਾਣ ਦਾ ਤੋਹਫਾ ਮਿਲਿਆ ਹੈ ਇਨ੍ਹਾਂ ਸੜਕਾਂ ਦੇ ਨਿਰਮਾਣ ਕਾਰਜ ਨੂੰ ਲੈ ਕੇ ਉਹ ਦਿਲ ਦੀਆਂ ਗਹਿਰਾਈਆਂ ਤੋਂ ਸ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦਾ ਧੰਨਵਾਦ ਕਰਦੇ ਹਨ। ਇਹ ਪ੍ਰਗਟਾਵਾ ਸ੍ਰੀ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਅੱਜ ਵਿਧਾਨ ਸਭਾ ਹਲਕਾ ਭੋਆ ਦੇ ਖੇਤਰ ਪਿੰਡ ਚਸਮਾ ਚਕਰੋਰ ਦੇ ਨਜਦੀਕ ਸੜਕ ਦਾ ਨਿਰਮਾਣ ਕਾਰਜ ਸੁਰੂ ਕਰਵਾਉਂਣ ਮਗਰੋਂ ਕੀਤਾ। ਇਸ ਮੋਕੇ ਤੇ ਹੋਰਨਾਂ ਤੋਂ ਇਲਾਵਾ ਸਰਵਸ੍ਰੀ ਕੁਲਦੀਪ ਭਟਵਾਂ ਬਲਾਕ ਪ੍ਰਧਾਨ , ਪਵਨ ਕੁਮਾਰ ਫੋਜੀ ਬਲਾਕ ਪ੍ਰਧਾਨ, ਰਵੀ ਸਰਪੰਚ ਬਲਾਕ ਪ੍ਰਧਾਨ ਜਗਤਪੁਰ , ਕੁਲਦੀਪ ਸੈਣੀ ਹਲਕਾ ਸੋਸਲ ਮੀਡੀਆ ਇੰਚਾਰਜ, ਹੈਪੀ ਨਵਾਲਾ, ਸਰਪੰਚ ਅਸਵਨੀ ਪਿੰਡ ਚਸਮਾ, ਹਰਦੇਵ ਸਿੰਘ, ਕੈਪਟਨ ਓਂਕਾਰ ਸਿੰਘ, ਸੂਬੇਦਾਰ ਜਸਵੰਤ ਸਿੰਘ, ਮਾਸਟਰ ਜੀਤ ਸਿੰਘ, ਪ੍ਰਿਤਪਾਲ ਸਿੰਘ ਅਤੇ ਹੋਰ ਪਾਰਟੀ ਕਾਰਜ ਕਰਤਾ ਵੀ ਹਾਜਰ ਸਨ। ਜਿਕਰਯੋਗ ਹੈ ਕਿ ਇਸ ਮੋਕੇ ਤੇ ਕੈਬਨਿਟ ਮੰਤਰੀ ਪੰਜਾਬ ਵੱਲੋਂ ਇਸ ਸੜਕ ਦੇ ਨਿਰਮਾਣ ਕਾਰਜ ਦਾ ਸੁਭਅਰੰਭ ਖੁਦ ਨਾ ਕਰਕੇ ਪਿੰਡ ਦੀ ਹੀ ਇੱਕ ਬਜੁਰਗ ਮਹਿਲ ਤੋਂ ਸੜਕ ਦੇ ਨਿਰਮਾਣ ਕਾਰਜ ਦਾ ਕੰਮ ਸੁਰੂ ਕਰਵਾਇਆ। ਉਨ੍ਹਾਂ ਕਿਹਾ ਕਿ ਬਜੁਰਗ ਸਾਡੀ ਜਾਇਦਾਤ ਹਨ ਕਿਸੇ ਵੀ ਸੁਭ ਕਾਰਜ ਨੂੰ ਕਰਦਿਆਂ ਇਨ੍ਹਾਂ ਨੂੰ ਮਾਣ ਸਮਮਾਨ ਦੇਣਾ ਸਾਡਾ ਸਾਰਿਆਂ ਦਾ ਫਰਜ ਬਣਦਾ ਹੈ। ਇਸ ਮੋਕੇ ਤੇ ਸੰਬੋਧਤ ਕਰਦਿਆਂ ਸ੍ਰੀ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਕਿਹਾ ਕਿ ਵਿਧਾਨ ਸਭਾ ਹਲਕਾ ਭੋਆ ਦੀ ਇਹ ਸੜਕ ਜੋ ਕਾਨਵਾਂ ਤੋਂ ਫਰੀਦਾਨਗਰ ਵਾਇਆ ਕੁੰਡੇ ਫਿਰੋਜਪੁਰ, ਸੈਦੋਵਾਲ, ਜਸਮਾਂ, ਜਕਰੋਰ ਇਹ ਸੜਕ ਕਾਫੀ ਖਸਤਾ ਹਾਲਤ ਸੀ ਅਤੇ ਇਸ ਸੜਕ ਤੋਂ ਗੁਜਰਨਾ ਬਹੁਤ ਹੀ ਮੁਸਕਿਲ ਸੀ ਅਤੇ ਲੋਕਾਂ ਨੂੰ ਬਹੁਤ ਜਿਆਦਾ ਪ੍ਰੇਸਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਉਹ ਮਾਨਯੋਗ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਜੀ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕਰਦੇ ਹਨ ਕਿ ਉਨ੍ਹਾਂ ਵਿਧਾਨ ਸਭਾ ਹਲਕਾ ਭੋਆ ਦੇ ਦੋ ਵੱਡੇ ਰੋਡ ਜਿਨ੍ਹਾਂ ਵਿੱਚ ਇੱਕ ਕਾਨਵਾਂ ਤੋਂ ਫਰੀਦਾ ਨਗਰ ਅਤੇ ਦੁਸਰਾ ਤਾਰਾਗੜ੍ਹ ਵਾਇਆ ਭਰਿਆਲ ਲਾਹੜੀ ਅਤੇ ਧੋਬੜਾਂ ਇਹ ਰੋਡ ਦਾ ਨਿਰਮਾਣ ਲੋਕਾਂ ਦੀਆਂ ਪ੍ਰੇਸਾਨੀਆਂ ਘੱਟ ਕਰਨਗੀਆਂ। ਉਨ੍ਹਾਂ ਦੱਸਿਆ ਕਿ ਅੱਜ ਜਿਸ ਰੋਡ ਦਾ ਨਿਰਮਾਣ ਕਾਰਜ ਅਰੰਭ ਕੀਤਾ ਗਿਆ ਹੈ। ਇਸ ਸੜਕ ਤੇ 7 ਕਰੋੜ 32 ਲੱਖ ਰੁਪਏ ਖਰਚ ਕਰਕੇ ਕਰੀਬ 10.50 ਕਿਲੋਮੀਟਰ ਸੜਕ ਦੀ ਲੰਬਾਈ ਹੈ। ਉਨ੍ਹਾਂ ਦੱਸਿਆ ਕਿ ਪਹਿਲਾ ਇਹ ਸੜਕ ਦੀ ਚੋੜਾਈ 10 ਫੁੱਟ ਸੀ ਅਤੇ ਹੁਣ ਕਰੀਬ 16 ਫੁੱਟ ਚੋੜਾਈ ਦੀ ਇਸ ਸੜਕ ਦਾ ਨਿਰਮਾਣ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਅੱਜ ਤੋਂ ਪਹਿਲਾ ਵੱਖ ਵੱਖ ਪਾਰਟੀਆਂ ਦੀ ਸਰਕਾਰ ਆਈ ਪਰ ਇਸ ਸੜਕ ਵੱਲ ਕਿਸੇ ਦਾ ਵੀ ਧਿਆਨ ਨਹੀਂ ਗਿਆ ਜਿਸ ਦੇ ਨਤੀਜੇ ਵਜੋਂ ਲੋਕਾਂ ਨੂੰ ਨਰਕ ਭੋਗਣਾ ਪਿਆ ਹੈ। ਉਨ੍ਹਾਂ ਸੜਕ ਦਾ ਨਿਰਮਾਣ ਕਰ ਰਹੇ ਠੇਕੇਦਾਰ ਨੂੰ ਵੀ ਹਦਾਇਤ ਕੀਤੀ ਕਿ ਸੜਕ ਦੀ ਕਵਾਲਿਟੀ ਬਹੁਤ ਹੀ ਵਧੀਆ ਹੋਣੀ ਚਾਹੀਦੀ ਹੈ ਤਾਂ ਜੋ ਆਉਂਣ ਵਾਲੇ ਕਰੀਬ 10 ਸਾਲਾ ਤੱਕ ਲੋਕਾਂ ਨੂੰ ਪ੍ਰੇਸਾਨੀ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਸੜਕਾ ਵਿਰਾਸਤ ਵਿੱਚ ਬਹੁਤ ਖਸਤਾ ਹਾਲਤ ਮਿਲੀਆਂ ਹਨ ।

# ਪੰਜਾਬ ਦੇ ਵਿਸ਼ੇਸ਼ ਮੁੱਖ ਸਕੱਤਰ ਵੱਲੋਂ ਕੇਂਦਰੀ ਮੰਤਰੀ ਜੇ.ਪੀ. ਨੱਢਾ ਨਾਲ ਮੁਲਾਕਾਤ; ਕੇਂਦਰ ਸਰਕਾਰ ਵੱਲੋਂ ਪੰਜਾਬ ਨੂੰ ਖਾਦਾਂ ਦੀ ਲੋੜੀਂਦੀ ਸਪਲਾਈ ਦਾ ਭਰੋਸਾ

**ਨਵੀਂ ਦਿੱਲੀ, 30 ਅਗਸਤ (ਮਨਪ੍ਰੀਤ ਸਿੰਘ ਖਾਲਸਾ)**:- ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਵਚਨਬੱਧਤਾ ਅਨੁਸਾਰ ਆਗਾਮੀ ਹਾੜ੍ਹੀ ਸੀਜ਼ਨ ਲਈ ਪੰਜਾਬ ਦੇ ਕਿਸਾਨਾਂ ਨੂੰ ਖਾਦਾਂ ਦੀ ਲੋੜੀਂਦੀ ਸਪਲਾਈ ਯਕੀਨੀ ਬਣਾਉਣ ਲਈ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਦੇ ਵਿਸ਼ੇਸ਼ ਮੁੱਖ ਸਕੱਤਰ ਸ੍ਰੀ ਕੇ.ਏ.ਪੀ. ਸਿਨਹਾ ਨੇ ਅੱਜ ਨਵੀਂ ਦਿੱਲੀ ਵਿਖੇ ਕੇਂਦਰੀ ਰਸਾਇਣ ਅਤੇ ਖਾਦ ਮੰਤਰੀ ਸ੍ਰੀ ਜੇਪੀ ਨੱਢਾ ਨਾਲ ਮੁਲਾਕਾਤ ਕੀਤੀ।



ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਟੈਲੀਫ਼ੋਨ ਰਾਹੀਂ ਗੱਲਬਾਤ ਕਰਕੇ ਕੇਂਦਰੀ ਮੰਤਰੀ ਸ੍ਰੀ ਨੱਢਾ ਨੂੰ ਅਗਸਤ ਮਹੀਨੇ ਵਿੱਚ ਡੀ.ਏ.ਪੀ. ਖਾਦ ਦੀ ਅਲਾਟਮੈਂਟ ਦੇ ਮੁਕਾਬਲੇ ਘੱਟ ਸਪਲਾਈ ਬਾਰੇ ਜਾਣੂ ਕਰਵਾਉਣ ਉਪਰੰਤ ਅੱਜ ਵਿਸ਼ੇਸ਼ ਮੁੱਖ ਸਕੱਤਰ ਸ੍ਰੀ ਕੇ.ਏ.ਪੀ. ਸਿਨਹਾ ਦੀ ਅਗਵਾਈ ਹੇਠ ਕੇਂਦਰੀ ਮੰਤਰੀ ਨਾਲ ਗੱਲਬਾਤ ਕਰਨ ਲਈ ਟੀਮ ਦਿੱਲੀ ਗਈ। ਇਸ ਮੁਲਾਕਾਤ ਦੌਰਾਨ, ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਅਤੇ ਪੰਜਾਬ ਮਾਰਕਫੈੱਡ ਦੇ ਸੀਨੀਅਰ ਅਧਿਕਾਰੀਆਂ ਨਾਲ, ਸ੍ਰੀ ਕੇ.ਏ.ਪੀ. ਸਿਨਹਾ ਨੇ ਹਾੜ੍ਹੀ ਸੀਜ਼ਨ 2024-25 ਲਈ ਸੂਬੇ ਦੀਆਂ ਖਾਦ ਸਬੰਧੀ ਜ਼ਰੂਰਤਾਂ 'ਤੇ ਚਾਨਣਾ ਪਾਇਆ। ਜ਼ਿਕਰਯੋਗ ਹੈ ਕਿ ਪੰਜਾਬ ਵਿੱਚ ਲਗਭਗ 35 ਲੱਖ ਹੈਕਟੇਅਰ ਰਕਬੇ 'ਤੇ ਕਣਕ ਦੀ ਬਿਜਾਈ ਕੀਤੀ ਜਾਣੀ ਹੈ, ਜਿਸ ਲਈ ਲਗਭਗ 5.50 ਲੱਖ ਮੀਟ੍ਰਿਕ ਟਨ ਡਾਇਮੋਨੀਅਮ ਫਾਸਫੇਟ (ਡੀ.ਏ.ਪੀ.) ਖਾਦ ਦੀ ਲੋੜ ਹੈ। ਸੂਬੇ ਦੇ ਕਿਸਾਨਾਂ ਨੂੰ ਖਾਦਾਂ ਸਮੇਤ ਖੇਤੀ ਲਈ ਲੋੜੀਂਦੀ ਹੋਰ ਸਮੱਗਰੀ ਦੀ ਸਮੇਂ ਸਿਰ ਸਪਲਾਈ ਯਕੀਨੀ ਬਣਾਉਣ ਪ੍ਰਤੀ ਪੰਜਾਬ ਸਰਕਾਰ ਦੀ ਵਚਨਬੱਧਤਾ ਦੁਹਰਾਉਂਦਿਆਂ ਉਨ੍ਹਾਂ ਦੱਸਿਆ ਕਿ ਕੇਂਦਰੀ ਮੰਤਰੀ ਸ੍ਰੀ ਜੇ.ਪੀ. ਨੱਢਾ ਨਾਲ ਮੀਟਿੰਗ ਸਫ਼ਲ ਰਹੀ ਅਤੇ ਉਨ੍ਹਾਂ ਨੇ ਭਰੋਸਾ ਦਿੱਤਾ ਹੈ ਕਿ ਪੰਜਾਬ ਨੂੰ ਆਗਾਮੀ ਹਾੜ੍ਹੀ ਸੀਜ਼ਨ ਦੌਰਾਨ ਲੋੜੀਂਦੀ ਮਾਤਰਾ ਵਿੱਚ ਡੀ.ਏ.ਪੀ. ਅਤੇ ਹੋਰ ਫਾਸਫੇਟਿਕ ਖਾਦਾਂ ਮੁਹੱਈਆ ਕਰਵਾਈਆਂ ਜਾਣਗੀਆਂ। ਜ਼ਿਕਰਯੋਗ ਹੈ ਕਿ ਸਾਲ 2023-24 ਦੌਰਾਨ ਪੰਜਾਬ ਨੇ ਕੇਂਦਰੀ ਪੂਲ ਵਿੱਚ ਕਣਕ ਦਾ 46 ਫ਼ੀਸਦੀ ਹਿੱਸਾ ਪਾਇਆ ਹੈ ਅਤੇ ਇਸ ਸਾਲ ਕਣਕ ਦੀ ਵਧੇਰੇ ਪੈਦਾਵਾਰ ਨੂੰ ਵੇਖਦਿਆਂ ਭਾਰਤ ਸਰਕਾਰ ਨੇ ਹਾਲ ਹੀ ਵਿੱਚ ਕੀਤੀ ਜ਼ੋਨਲ ਕਾਨਫ਼ਰੰਸ ਦੌਰਾਨ ਹਾੜ੍ਹੀ ਸੀਜ਼ਨ 2024-25 ਲਈ ਪੰਜਾਬ ਸੂਬੇ ਨੂੰ 4.50 ਲੱਖ ਮੀਟ੍ਰਿਕ ਟਨ ਡੀ.ਏ.ਪੀ. ਖਾਦ, 1.50 ਲੱਖ ਮੀਟ੍ਰਿਕ ਟਨ ਐਨ.ਪੀ.ਕੇ. (ਨਾਈਟ੍ਰੋਜਨ, ਫਾਸਫੋਰਸ ਅਤੇ ਪੋਟਾਸ਼ੀਅਮ) ਅਤੇ 1.50 ਲੱਖ ਮੀਟ੍ਰਿਕ ਟਨ ਐਸ.ਐਸ.ਪੀ. (ਸਿੰਗਲ ਸੁਪਰਫਾਸਫੇਟ) ਖਾਦ ਦੀ ਐਲੋਕੇਸ਼ਨ ਕੀਤੀ ਹੈ। ਸ੍ਰੀ ਕੇ.ਏ.ਪੀ. ਸਿਨਹਾ ਨੇ ਦੱਸਿਆ ਕਿ ਕੇਂਦਰੀ ਮੰਤਰੀ ਸ੍ਰੀ ਜੇ.ਪੀ. ਨੱਢਾ ਨੇ ਭਰੋਸਾ ਦਿੱਤਾ ਹੈ ਕਿ ਡੀ.ਏ.ਪੀ. ਖਾਦ ਅਤੇ ਹੋਰ ਫਾਸਫੇਟਿਕ ਖਾਦਾਂ ਦੀ ਸਪਲਾਈ ਵਿੱਚ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਮੰਗ ਅਨੁਸਾਰ ਅਗਲੇ ਦੋ ਮਹੀਨਿਆਂ ਵਿੱਚ ਪੰਜਾਬ ਨੂੰ ਲੋੜੀਂਦੀ ਮਾਤਰਾ ਵਿੱਚ ਖਾਦ ਦੀ ਸਪਲਾਈ ਕਰ ਦਿੱਤੀ ਜਾਵੇਗੀ। ਉਨ੍ਹਾਂ ਅੱਗੇ ਕਿਹਾ ਕਿ ਉਨ੍ਹਾਂ ਨੂੰ ਭਰੋਸਾ ਹੈ ਕਿ ਇਹ ਵੰਡ ਖਾਦਾਂ ਸਬੰਧੀ ਸਾਡੇ ਕਿਸਾਨਾਂ ਦੀਆਂ ਮੰਗਾਂ ਨੂੰ ਪੂਰਾ ਕਰੇਗੀ। ਇਸ ਦੌਰਾਨ ਸ੍ਰੀ ਕੇ.ਏ.ਪੀ. ਸਿਨਹਾ ਨੇ ਪੰਜਾਬ ਵਿੱਚ ਖਾਦਾਂ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਲਈ ਕੇਂਦਰੀ ਰਸਾਇਣ ਅਤੇ ਖਾਦ ਮੰਤਰਾਲੇ ਦੇ ਸਕੱਤਰ ਸ੍ਰੀ ਰਜਤ ਕੁਮਾਰ ਮਿਸ਼ਰਾ ਨਾਲ ਵੀ ਮੀਟਿੰਗ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਰੂਨਾ ਰਾਜਪੂਤ ਵੱਲੋਂ ਕੁੱਲਗੜ੍ਹੀ ਦੀ ਜੋਤੀ ਕੌਰ ਨੂੰ ਮਹਿਲਾ ਮੋਰਚਾ ਦਾ ਪ੍ਰਧਾਨ ਲਾਇਆ ਗਿਆ



ਫਿਰੋਜ਼ਪੁਰ 30 ਅਗਸਤ( ਸੁਖਮੰਦਰ ਸਿੰਘ ਸ਼ਾਤ )ਫਿਰੋਜਪੁਰ ਦਿਹਾਤੀ ਦੇ ਹਲਕਾ ਇੰਚਾਰਜ ਜਸਮੇਲ ਸਿੰਘ ਲਾਡੀ ਗਹਿਰੀ ਦੀ ਇਕ ਮੀਟਿੰਗ ਜਿਲਾ ਪ੍ਰਧਾਨ ਸ਼ਮਸ਼ੇਰ ਸਿੰਘ ਕਾਕੜ ਦੇ ਦਿਸ਼ਾ ਨਿਰਦੇਸ਼ ਹੇਠ ਹੋਈ ਜਿਸ ਵਿੱਚ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਜਗਰਾਜ ਸਿੰਘ ਕਟੋਰਾ ਭਾਰਤੀ ਜਨਤਾ ਪਾਰਟੀ ਦੀ ਮਹਿਲਾ ਮੋਰਚਾ ਦੀ ਜਿਲਾ ਪ੍ਰਧਾਨ ਰੂਨਾ ਰਾਜਪੂਤ ਅਤੇ ਕੁਲਗੜੀ ਦੇ ਮੰਡਲ ਪ੍ਰਧਾਨ ਧਰਮਿੰਦਰ ਸਿੰਘ ਦੀ ਅਗਵਾਈ ਵਿੱਚ ਹੋਈ ਜਿਸ ਵਿੱਚ ਬੀਬੀਆਂ ਨੇ ਵੱਧ ਚੜ ਕੇ ਹਿੱਸਾ ਲਿਆ ਰੂਨਾ ਰਾਜ ਵੱਲੋਂ ਕੁੱਲ ਗੜੀ ਦੀ ਜੋਤੀ ਕੌਰ ਨੂੰ ਮਹਿਲਾ ਮੋਰਚਾ ਦਾ ਪ੍ਰਧਾਨ ਥਾਪਿਆ ਗਿਆ ਉਸ ਨੂੰ ਵਧਾਈਆ ਦਿੱਤੀਆਂ ਗਈਆਂ ਜੋਤੀ ਵੱਲੋਂ ਵਿਸ਼ਵਾਸ ਦਵਾਇਆ ਗਿਆ ਕਿ ਉਹ ਆਪਣੀ ਪਾਰਟੀ ਵਾਸਤੇ ਵੱਧ ਚੜ ਕੇ ਹਿੱਸਾ ਲਵੇਗੀ ਅਤੇ ਇਸ ਨੂੰ ਹੋਰ ਵੀ ਪ੍ਰਫੁੱਲਤ ਕਰੇਗੀ ।ਜੋਤੀ ਦੇ ਮੰਡਲ ਪ੍ਰਧਾਨ ਬਣਨ ਤੇ ਭਾਜਪਾ ਦੇ ਸੀਨੀਅਰ ਆਗੂ ਸਰਦਾਰ ਸੁਰਜੀਤ ਸਿੰਘ ਸਦਰਦੀਨ ਕਿਸਾਨ ਮੋਰਚੇ ਦੇ ਜਿਲ੍ਹਾ ਵਾਈਸ ਪ੍ਰਧਾਨ ਸੁਖਮੰਦਰ ਸਿੰਘ ਮਿਸ਼ਰੀਵਾਲਾ ਜਿਲੇ ਦੇ ਜਨਰਲ ਸੈਕਟਰੀ ਲਵਪ੍ਰੀਤ ਸਿੰਘ ਪ੍ਰੀਤ ਮਮਦੋਟ ਦੇ ਮੰਡਲ ਪ੍ਰਧਾਨ ਸੁਖਚੈਨ ਸਿੰਘ ਜਿਹੜੇ ਦੀ ਮਹਿਲਾ ਮੋਰਚਾ ਦੇ ਜਨਰਲ ਸੈਕਟਰੀ ਨੈਨਸੀ ਵੱਲੋਂ ਜੋਤੀ ਨੂੰ ਵਧਾਈਆਂ ਦਿੱਤੀਆਂ ਗਈਆਂ।

ਆਵਾਜ਼ਿ ਕੌਮ AWAZE QAUM International Newspaper & WEB TV

## ਜਨਮ ਦਿਨ ਮੁਬਾਰਕ





**ਅਰਮਾਨਦੀਪ ਸਿੰਘ ਬੱਲ**
ਪਿਤਾ : ਸੁਖਜਿੰਦਰ ਸਿੰਘ ਬੱਲ
ਮਾਤਾ : ਗੁਰਪ੍ਰੀਤ ਕੌਰ ਬੱਲ
ਪਿੰਡ ਸਠਿਆਲਾ
ਤਹਿਸੀਲ ਬਾਬਾ ਬਕਾਲਾ ਸਾਹਿਬ
ਜ਼ਿਲ੍ਹਾ ਅੰਮ੍ਰਿਤਸਰ

ਆਵਾਜ਼ਿ ਕੌਮ AWAZE QAUM International Newspaper & WEB TV




ਭਾਈ ਦਿਲਾਵਰ ਸਿੰਘ ਜਿਸ ਮਾਹੌਲ ਵਿੱਚ ਜੰਮਿਆ-ਪਲਿਆ ਤੇ ਜੋ ਕਾਰਜ ਉਸ ਨੇ ਨੇਪਰੇ ਚਾੜਿਆ ਉਹ ਇੱਸੇ ਦੀ ਹੀ ਦੱਸ ਪਾਉਂਦਾ ਹੈ ਕਿ ਮਾਹੌਲ ਚਾਹੇ ਜਿਸ ਤਰ੍ਹਾਂ ਦਾ ਮਰਜੀ ਹੋਵੇ ਜਦੋਂ ਗੁਰੂ ਦੀ ਨਦਰਿ ਹੋ ਜਾਵੇ ਤਾਂ ਕੋਈ ਵੀ ਸਧਾਰਨ ਸਿੱਖ ਇਤਿਹਾਸ ਵਿੱਚ ਭਾਰੀ ਕਰਿਸ਼ਮੇ ਦਰਜ ਕਰਵਾ ਸਕਦਾ ਹੈ। ਮੇਰੇ ਚੇਤੇ ਚੋਂ ਅੱਜ ਤੱਕ ਉਹ ਦਿਨ ਨਹੀਂ ਵਿੱਸਰਿਆ ਜਦ 29 ਸਾਲ ਪਹਿਲੋਂ ਅਸੀਂ ਸਭ ਬੇਅੰਤੇ ਪਾਪੀ ਦਾ ਸੋਹਿਲਾ ਪੜ੍ਹਣ ਸੈਕਟੀਰੇਟ ਵੱਲ ਨਿਕਲੇ ਸੀ, ਤੇ ਭਾਈ ਬੇਅੰਤ ਸਿੰਘ ਰਾਜੋਆਣਾ ਸਕੂਟਰ ਤੇ ਸਵਾਰ ਸਨ। ਜਦ ਦੁਪਹਿਰ ਵਕਤ ਸਾਨੂੰ ਪਤਾ ਲੱਗਾ ਕਿ ਬੇਅੰਤ ਸਿੰਘ ਆ ਚੁੱਕਾ ਹੈ ਤਾਂ ਅਗਲੀ ਕਾਰਵਾਈ ਆਰੰਭੀ। ਉਸ ਦਿਨ ਅਸੀਂ ਕਰੀਬ 5 ਘੰਟੇ ਗੱਡੀ ਵਿੱਚ ਬੈਠੇ ਰਹੇ ਤਾਂ ਓਸ ਵਕਤ ਭਾਈ ਦਿਲਾਵਰ ਸਿੰਘ ਨੇ ਮੇਰੇ ਤੋਂ ਵਾਅਦਾ ਲੈਂਦੇ ਕਿਹਾ ਕਿ "ਜੇ ਮੈਂ ਅੱਜ ਇਸ ਪਾਪੀ ਦਾ ਅੰਤ ਨਾ ਕੀਤਾ ਤਾਂ ਸ਼ਹੀਦਾਂ ਦੀਆਂ ਰੂਹਾਂ ਮੈਨੂੰ ਜੀਣ ਨਹੀਂ ਦੇਣਗੀਆਂ, ਮੇਰੇ ਨਾਲ ਵਾਅਦਾ ਕਰ ਕਿ ਮੇਰੇ ਤੋਂ ਬਾਅਦ ਤੁਸੀਂ ਟਿਕ ਕੇ ਚੈਨ ਨਾਲ ਨਹੀਂ ਬੈਠੋਂਗੇ, ਬੇਸ਼ੱਕ ਸਭ ਬੈਠ ਜਾਣ ਪਰ ਤੁਸੀਂ ਨਹੀਂ ਬੈਠੋਂਗੇ" ਤਾਂ ਦਾਸ ਨੇ ਓਸ ਸ਼ਹੀਦ ਨਾਲ ਵਾਅਦਾ ਕੀਤਾ ਕਿ ਉਸਨੂੰ ਕਦੇ ਨਾ ਭੁੱਲਾਂਗਾ ਤੇ ਸੰਘਰਸ਼ ਦਾ ਰਾਹ ਕਦੇ ਨਹੀਂ ਛੱਡਾਂਗਾ। ਅੱਜ ਉਸ ਮਹਾਨ ਸ਼ਹੀਦ ਭਾਈ ਦਿਲਾਵਰ ਸਿੰਘ ਜੀ ਨੂੰ ਉਨ੍ਹਾਂ ਦੇ ਸ਼ਹੀਦੀ ਦਿਹਾੜੇ 'ਤੇ ਕੋਟਿ ਕੋਟਿ ਪ੍ਰਣਾਮ ਹੈ।

ਪੰਥ ਦਾ ਸੇਵਕ - **ਭਾਈ ਜਗਤਾਰ ਸਿੰਘ ਤਾਰਾ**

**(ਨਜ਼ਰਬੰਦ ਬੁੜੈਲ ਜੇਲ੍ਹ, ਚੰਡੀਗੜ੍ਹ, ਪੰਜਾਬ)**